
ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ, 05 ਨਵੰਬਰ 2024
Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 145, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਕੈਨੇਡਾ ਵਿੱਚ ਹੋ ਰਹੇ ਹਿੰਦੂਆਂ ਤੇ ਹਮਲੇ ਦੀ ਕੈਨੇਡੀਅਨ ਲੋਕ ਕਰ ਰਹੇ ਹਨ ਨਿੰਦੀਆ

**ਮਿਸ਼ੀਗਨ ਲੋਕ ਬਾਣੀ**--ਭਾਰਤੀ-ਅਮਰੀਕੀ ਕਾਂਗਰਸਮੈਨ ਸ਼੍ਰੀ ਥਾਣੇਦਾਰ ਨੇ ਕੈਨੇਡੀਅਨ ਸਰਕਾਰ ਦੀ ਉਸ ਗੱਲ ਲਈ ਆਲੋਚਨਾ ਕੀਤੀ ਹੈ ਜਿਸ ਨੂੰ ਉਹ ਸਿਆਸੀ ਪੈਂਤੜੇਬਾਜ਼ੀ ਅਤੇ ਧਾਰਮਿਕ ਹਿੰਸਾ ਦੀਆਂ ਵਧਦੀਆਂ ਘਟਨਾਵਾਂ ਦੇ ਵਿਚਕਾਰ ਹਿੰਦੂ ਭਾਈਚਾਰਿਆਂ ਦੀ ਸੁਰੱਖਿਆ ਵਿਚ ਅਸਫਲਤਾ ਦੇ ਰੂਪ ਵਿਚ ਬਿਆਨ ਕਰਦੀ ਹੈ। ਕੈਨੇਡਾ ਵਿਚ ਹਿੰਦੂਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਹਾਲ ਹੀ ਵਿਚ ਹੋਏ ਹਮਲਿਆਂ ਤੇ ਬੋਲਦਿਆਂ ਥਾਣੇਦਾਰ ਨੇ ਕਿਹਾ, ਕੈਨੇਡੀਅਨ ਸਰਕਾਰ ਇਸ ਮੁੱਦੇ ਤੇ ਰਾਜਨੀਤੀ ਕਰ ਰਹੀ ਹੈ, ਉਹ ਕੈਨੇਡਾ ਵਿਚ ਕੁਝ ਘੱਟ ਗਿਣਤੀ ਸਮੂਹਾਂ ਨੂੰ ਖ਼ੁਸ਼




ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਨਿੰਦਾ ਕਰਨ ਦੀ ਲੋੜ ਹੈ, ਇਸ ਦਾ ਵਿਰੋਧ ਕਰਨ ਦੀ ਲੋੜ ਹੈ।

## ਇਮਰਾਨ ਖਾਨ ਦੀ ਜ਼ਮਾਨਤ ਅਰਜ਼ੀ ਤੇ ਸੰਘੀ ਏਜੰਸੀ ਨੂੰ ਕੱਢਿਆ ਗਿਆ ਨੋਟਿਸ

**ਇਸਲਾਮਾਬਾਦ, ਲੋਕ ਬਾਣੀ-** : ਪਾਕਿਸਤਾਨ ਦੀ ਅਦਾਲਤ ਨੇ ਅੱਜ ਸੰਘੀ ਜਾਂਚ ਏਜੰਸੀ (ਐੱਫਆਈਏ) ਨੂੰ ਨੋਟਿਸ ਜਾਰੀ ਕਰਕੇ ਤੋਸ਼ਾਖਾਨਾ-2 ਮਾਮਲੇ ਵਿੱਚ ਜੇਲ੍ਹ ਵਿੱਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਵੱਲੋਂ ਦਾਇਰ ਕੀਤੀ ਜ਼ਮਾਨਤ ਅਰਜ਼ੀ 'ਤੇ ਜਵਾਬ ਮੰਗਿਆ ਹੈ। ਇਸਲਾਮਾਬਾਦ ਹਾਈ ਕੋਰਟ ਦੇ ਜੱਜ ਜਸਟਿਸ ਮੀਆਂਗੁਲ ਹਸਨ ਔਰੰਗਜ਼ੇਬ ਕੇਸ ਦੀ ਸੁਣਵਾਈ ਕਰ ਰਹੇ ਸਨ। ਇਮਰਾਨ ਨੇ



ਅਦਾਲਤ ਨੂੰ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ ਤੱਕ ਜ਼ਮਾਨਤ ਦੇਣ ਦੀ ਬੇਨਤੀ ਕੀਤੀ ਹੈ।

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |



91000-79-579 | 98141-92-632
Shop No 5,Adda Kapur Pind,Opp IndusInd Bank,Jalandhar.

## ਤਿੰਨ ਮਹੀਨੇ ਤੱਕ ਸ਼ਾਹਰੁਖ ਖਾਨ ਦੇ ਘਰ ਦੇ ਬਾਹਰ ਬੈਠੇ ਆਪਣੇ ਫੈਨ ਨੂੰ ਮਿਲੇ ਸ਼ਾਹਰੁਖ ਖਾਨ

**ਮੁੰਬਈ (ਮਹਾਰਾਸ਼ਟਰ), ਲੋਕ ਬਾਣੀ-** : ਸ਼ਾਹਰੁਖ ਖਾਨ ਦੇ ਨਿਵਾਸ ਸਥਾਨ ਮੰਨਤ ਦੇ ਬਾਹਰ 95 ਦਿਨਾਂ ਤੱਕ ਸੁਪਰਸਟਾਰ ਦੀ ਇਕ ਝਲਕ ਦੇਖਣ ਲਈ ਇੰਤਜ਼ਾਰ ਕਰਦਾ ਸੀ, ਨੂੰ ਆਖਰਕਾਰ ਕਿੰਗ ਖ਼ਾਨ ਨੂੰ ਮਿਲਣ ਦਾ ਸੁਨਹਿਰੀ ਮੌਕਾ ਮਿਲ ਗਿਆ ਅਤੇ ਉਹ ਵੀ 59ਵੇਂ ਜਨਮ ਦਿਨ ਤੇ। ਅਭਿਨੇਤਾ ਨੇ ਇਸ ਪ੍ਰਸ਼ੰਸਕ ਦੀ ਇਕ ਤਸਵੀਰ ਵੀ ਪੋਸਟ ਕੀਤੀ ਹੈ ।



## ਸੁਪਰੀਮ ਕੋਰਟ ਹੋਈ ਹਵਾ ਪ੍ਰਦਰਸ਼ਨ ਮਾਮਲੇ ਵਿੱਚ ਸਖ਼ਤ

**ਦਿੱਲੀ, ਲੋਕ ਬਾਣੀ**--ਹਵਾ ਪ੍ਰਦੂਸ਼ਣ ਨੂੰ ਲੈ ਕੇ ਸੁਪਰੀਮ ਕੋਰਟ 'ਚ ਸੁਣਵਾਈ 'ਤੇ ਐਡਵੋਕੇਟ ਐੱਚ.ਐੱਸ. ਫੂਲਕਾ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਇਸ ਗੱਲ ਨੂੰ ਬਹੁਤ ਗੰਭੀਰਤਾ ਨਾਲ ਲਿਆ ਹੈ ਕਿ ਦੀਵਾਲੀ ਦੌਰਾਨ ਪਟਾਕੇ ਚਲਾਉਣ 'ਤੇ ਪਾਬੰਦੀ ਨੂੰ ਲਾਗੂ ਨਹੀਂ ਕੀਤਾ ਗਿਆ ਹੈ। ਸੁਪਰੀਮ ਕੋਰਟ ਨੇ ਪੁਲਿਸ ਕਮਿਸ਼ਨਰ ਨੂੰ ਨੋਟਿਸ ਜਾਰੀ ਕੀਤਾ ਹੈ ਅਤੇ ਉਸ ਨੂੰ ਹਲਫ਼ਨਾਮਾ ਦਾਇਰ ਕਰਨ ਅਤੇ ਇਹ




ਦੱਸਣ ਲਈ ਕਿਹਾ ਕਿ ਇਹ ਪਾਬੰਦੀ ਕਿਉਂ ਨਹੀਂ ਲਾਗੂ ਕੀਤੀ ਗਈ। ਇਸ ਮਾਮਲੇ ਦੀ ਸੁਣਵਾਈ ਹੁਣ 11 ਨਵੰਬਰ ਨੂੰ ਹੋਵੇਗੀ।

## ਆਗਰਾ ਵਿਚ ਫੋਜ ਦਾ ਜਹਾਜ਼ ਹੋਇਆ ਹਾਦਸਾਗ੍ਰਸਤ

**ਆਗਰਾ ਲੋਕ ਬਾਣੀ-** - ਆਗਰਾ ਚ ਸੋਮਵਾਰ ਨੂੰ ਹਵਾਈ ਫੌਜ ਦਾ ਇਕ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਦੌਰਾਨ ਜਹਾਜ਼ ਦੇ ਪਾਇਲਟ ਅਤੇ ਕੋ-ਪਾਇਲਟ ਨੇ ਛਾਲ ਮਾਰ ਕੇ ਆਪਣੀ ਜਾਨ ਬਚਾਈ। ਗਨੀਮਤ ਰਹੀ ਕਿ ਪਾਇਲਟ ਨੇ ਸਮਝਦਾਰੀ ਵਰਤਦੇ ਹੋਏ ਜਹਾਜ਼ ਨੂੰ ਸੋਨੀਗਾ ਪਿੰਡ ਦੇ ਨੇੜੇ ਖ਼ਾਲੀ ਖੇਤਾਂ ਚ ਕ੍ਰੈਸ਼ ਲੈਂਡਿੰਗ ਕਰਵਾਈ। ਜੇਕਰ ਆਬਾਦੀ ਵਾਲੇ ਹਿੱਸੇ ਚ ਜਹਾਜ਼ ਕ੍ਰੈਸ਼ ਹੁੰਦਾ ਤਾਂ ਹੋਰ ਵੀ ਵੱਡਾ ਨੁਕਸਾਨ ਹੋ



ਸਕਦਾ ਸੀ। ਇਹ ਮਿਗ-29 ਜਹਾਜ਼ ਸੀ, ਜੋ ਪੰਜਾਬ ਦੇ ਆਦਮਪੁਰ ਤੋਂ ਉਡਿਆ ਸੀ। ਹੋਰ ਜਾਣਕਾਰੀ ਦੀ ਉਡੀਕ ਹੈ। ਕੋਰਟ ਆਫ ਇਨਕੁਆਰੀ ਦੇ ਹੁਕਮ ਦਿੱਤੇ ਜਾਣਗੇ।

## ਪੰਜਾਬ ਵਿੱਚ ਜ਼ਿਮਨੀ ਚੋਣਾਂ ਹੁਣ ਪੈਣਗੀਆਂ 20 ਤਾਰੀਖ ਨੂੰ

**ਚੰਡੀਗੜ੍ਹ, ਵਿਨੋਦ ਸ਼ਰਮਾ**--ਪੰਜਾਬ ਸਮੇਤ ਹੋਰ ਰਾਜਾਂ ਵਿਚ 13 ਨਵੰਬਰ ਨੂੰ ਹੋਣ ਵਾਲੀਆਂ ਜ਼ਿਮਨੀ ਚੋਣਾਂ ਦੀ ਤਾਰੀਖ ਵਿਚ ਵਿਚ ਬਦਲਾਅ ਕੀਤੇ ਗਏ ਹਨ। ਭਾਰਤੀ ਚੋਣ ਕਮਿਸ਼ਨ ਨੇ ਸੋਮਵਾਰ ਨੂੰ ਪੰਜਾਬ, ਉੱਤਰ ਪ੍ਰਦੇਸ਼ ਅਤੇ ਕੇਰਲ ਵਿੱਚ ਤਿਉਹਾਰਾਂ



ਦੇ ਮੱਦੇਨਜ਼ਰ 13 ਨਵੰਬਰ ਦੀ ਤਾਰੀਖ਼ ਬਦਲ ਕੇ ਵੋਟਾਂ ਪੈਣ ਦੀ ਮਿਤੀ 20 ਨਵੰਬਰ ਤੈਅ ਕੀਤੀ ਹੈ।

## ਚੋਣ ਕਮਿਸ਼ਨ ਨੇ ਮਹਾਰਾਸ਼ਟਰ ਦੇ ਡੀਜੀਪੀ ਨੂੰ ਤੁਰੰਤ ਬਦਲ ਦਿੱਤਾ

**ਨਵੀਂ ਦਿੱਲੀ ਲੋਕ ਬਾਣੀ**-- ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਚੋਣ ਕਮਿਸ਼ਨ ਨੇ ਸੋਮਵਾਰ ਨੂੰ ਸੂਬਾ ਸਰਕਾਰ ਨੂੰ ਕਾਂਗਰਸ ਸਮੇਤ ਵੱਖ-ਵੱਖ ਸਿਆਸੀ ਪਾਰਟੀਆਂ ਤੋਂ ਮਿਲੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਸੂਬੇ ਦੀ ਡੀਜੀਪੀ ਰਸ਼ਮੀ ਸ਼ੁਕਲਾ ਦਾ ਫ਼ੌਰੀ ਤੌਰ 'ਤੇ ਤਬਾਦਲਾ ਕਰਨ ਦੇ ਹੁਕਮ ਦਿੱਤੇ ਹਨ। ਚੋਣ ਕਮਿਸ਼ਨ ਨੇ ਮਹਾਰਾਸ਼ਟਰ ਦੇ ਮੁੱਖ ਸਕੱਤਰ ਨੂੰ ਸ਼ੁਕਲਾ ਦਾ ਚਾਰਜ ਕਾਡਰ ਦੇ ਅਗਲੇ ਸਭ ਤੋਂ ਸੀਨੀਅਰ ਆਈਪੀਐਸ ਅਧਿਕਾਰੀ ਨੂੰ ਸੌਂਪਣ ਦਾ ਨਿਰਦੇਸ਼ ਦਿੱਤਾ ਹੈ। ਸੂਤਰਾਂ ਨੇ ਦੱਸਿਆ ਕਿ ਮੁੱਖ ਸਕੱਤਰ ਨੂੰ ਡੀਜੀਪੀ ਵਜੋਂ




ਨਿਯੁਕਤੀ ਲਈ ਮੰਗਲਵਾਰ ਦੁਪਹਿਰ ਤੱਕ ਤਿੰਨ ਆਈਪੀਐੱਸ ਅਧਿਕਾਰੀਆਂ ਦਾ ਪੈਨਲ ਭੇਜਣ ਦਾ ਵੀ ਹੁਕਮ ਦਿੱਤਾ ਗਿਆ ਹੈ।

## ਭਾਰਤ ਪਾਕਿਸਤਾਨ ਸਰਹੱਦ ਨੇੜੇ ਬਰਾਮਦ ਹੋਈ ਹੈਰੋਇਨ

**ਤਰਨਤਾਰਨ , ਲੋਕ ਬਾਣੀ**--ਭਾਰਤ-ਪਾਕਿਸਤਾਨ ਸਰਹੱਦ ਨੇੜਿਓਂ ਬੀ.ਐੱਸ.ਐੱਫ ਵੱਲੋਂ 426 ਗ੍ਰਾਮ ਹੈਰੋਇਨ ਬਰਾਮਦ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਿਸ ਸਬੰਧੀ ਥਾਣਾ ਖਾਲੜਾ ਦੀ ਪੁਲਸ ਵੱਲੋਂ ਅਣਪਛਾਤੇ ਤਸਕਰ ਖਿਲਾਫ ਪਰਚਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਆਏ ਦਿਨ ਭਾਰਤ-ਪਾਕਿਸਤਾਨ ਸਰਹੱਦ



ਨੇੜਿਓਂ ਪਾਕਿਸਤਾਨ ਵੱਲੋਂ ਡਰੋਨ ਦੀ ਮਦਦ ਨਾਲ ਵੱਡੀ ਮਾਤਰਾ ਵਿਚ ਰੋਜ਼ਾਨਾ ਹੈਰੋਇਨ ਦੀਆਂ ਖੇਪਾਂ ਆ ਰਹੀਆਂ ਹਨ, ਜਿਸ ਨੂੰ ਬਰਾਮਦ ਕਰਨ ਵਿਚ ਜ਼ਿਲਾ ਪੁਲਸ ਅਤੇ ਬੀ.ਐੱਸ. ਐੱਫ ਅਹਿਮ ਭੂਮਿਕਾ ਨਿਭਾਉਂਦੀ ਨਜ਼ਰ ਆ ਰਹੀ ਹੈ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਓਲੰਪਿਕਸ ਚਾਰਟਰ ਵਾਲੀਆਂ ਮਾਝੇ ਦੀਆਂ ਸੁਪ੍ਰਸਿੱਧ ਕਮਲਜੀਤ ਖੇਡਾਂ ਦਾ ਐਲਾਨ, 28 ਨਵੰਬਰ ਤੋਂ ਸ਼ੁਰੂ ਹੋਣਗੀਆਂ ਖੇਡਾਂ



ਬਟਾਲਾ, (ਲੋਕ ਬਾਣੀ) ਓਲੰਪਿਕਸ ਚਾਰਟਰ ਵਾਲੀਆਂ ਮਾਝੇ ਦੀਆਂ ਸੁਪ੍ਰਸਿੱਧ 31ਵੀਆਂ ਕਮਲਜੀਤ ਖੇਡਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਸੁਰਜੀਤ ਸਪੋਰਟਸ ਐਸੋਸੀਏਸ਼ਨ ਬਟਾਲਾ ਵੱਲੋਂ ਹਰ ਸਾਲ ਕਰਵਾਈਆਂ ਜਾਂਦੀਆਂ ਇਹ ਖੇਡਾਂ ਇਸ ਵਾਰ 28 ਨਵੰਬਰ ਤੋਂ 1 ਦਸੰਬਰ ਤੱਕ ਕਰਵਾਈਆਂ ਜਾਣਗੀਆਂ। ਚਾਰ ਰੋਜ਼ਾ ਖੇਡਾਂ ਬਟਾਲਾ ਨੇੜਲੇ ਪਿੰਡ ਕੋਟਲਾ ਸ਼ਾਹੀਆ ਦੇ ਸੁਰਜੀਤ-ਕਮਲਜੀਤ ਖੇਡ ਕੰਪਲੈਕਸ ਵਿਖੇ ਕਰਵਾਈਆਂ ਜਾਣਗੀਆਂ। ਕਮਲਜੀਤ ਖੇਡਾਂ ਦੀ ਤਿਆਰੀ ਲਈ ਸੁਰਜੀਤ ਸਪੋਰਟਸ ਐਸੋਸੀਏਸ਼ਨ ਬਟਾਲਾ ਦੀ ਰੱਖੀ ਮੀਟਿੰਗ ਵਿੱਚ ਖੇਡਾਂ ਦੀਆਂ ਤਰੀਕਾਂ ਦਾ ਐਲਾਨ ਕੀਤਾ ਗਿਆ। ਐਸੋਸੀਏਸ਼ਨ ਦੇ ਪ੍ਰਧਾਨ ਪ੍ਰਿਥੀਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਾਰ 10 ਖੇਡਾਂ ਅਤੇ 50 ਅਥਲੈਟਿਕਸ ਟਰੈਕ ਐਂਡ ਫੀਲਡ ਦੇ ਮੁਕਾਬਲੇ ਹੋਣਗੇ।ਖੇਡਾਂ ਦਾ ਮੁੱਖ ਮਕਸਦ ਓਲੰਪਿਕ ਲਹਿਰ ਨੂੰ ਮਜ਼ਬੂਤ ਕਰਨਾ ਹੈ। ਹਰ ਸਾਲ ਵਾਂਗ ਨਾਮੀ ਖਿਡਾਰੀਆਂ ਨੂੰ ਨਗਦ ਇਨਾਮ ਨਾਲ ਵੱਖ-ਵੱਖ ਐਵਾਰਡਾਂ ਨਾਲ ਸਨਮਾਨਤ ਕੀਤਾ ਜਾਵੇਗਾ। ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਹੋਣਗੇ ਖੇਡਾਂ ਦੇ ਮੁੱਖ ਪ੍ਰਬੰਧਕ ਹੋਣਗੇ ਅਤੇ ਇਸ ਵਾਰ ਖੇਡਾਂ ਸਵ. ਪ੍ਰਿੰਸੀਪਲ ਗੁਰਮੁੱਖ ਸਿੰਘ ਮਾਣੂੰਕੇ, ਅਤੇ ਸਵ. ਰਣਜੀਤ ਕੌਰ ਅਖਾੜਾ (ਮਾਤਾ ਅਮਰੀਕ ਸਿੰਘ ਅਖਾੜਾ ਐਡਮਿੰਟਨ ਕੈਨੇਡਾ) ਨੂੰ ਸਮਰਪਿਤ ਹੋਣਗੀਆਂ।

ਅੱਜ ਦੀ ਮੀਟਿੰਗ ਵਿੱਚ ਸੁਚਾਰੂ ਪ੍ਰਬੰਧਾਂ ਲਈ ਵੱਖ-ਵੱਖ ਕਮੇਟੀਆਂ ਬਣਾਈਆਂ ਗਈਆਂ।ਨਿਸ਼ਾਨ ਸਿੰਘ ਰੰਧਾਵਾ ਵਧੀਕ ਮੁੱਖ ਪ੍ਰਬੰਧਕ ਹੋਣਗੇ। ਜਸਵੰਤ ਸਿੰਘ ਢਿੱਲੋਂ ਖੇਡਾਂ ਦੀ ਈਵੈਂਟ ਕਰਵਾਉਣ ਵਾਲੀ ਕਮੇਟੀ ਦੇ ਚੇਅਰਮੈਨ ਹੋਣਗੇ। ਸੁਰਜੀਤ ਸਿੰਘ ਸੋਢੀ ਨੂੰ ਸਵਾਗਤੀ ਕਮੇਟੀ ਦਾ ਚੇਅਰਮੈਨ ਬਣਾਇਆ ਗਿਆ ਹੈ। ਦਵਿੰਦਰ ਸਿੰਘ ਕਾਲਾਨੰਗਲ ਸਰਪੰਚ ਖੇਡਾਂ ਦੀ ਤਾਲਮੇਲ ਕਮੇਟੀ ਦੇ ਚੇਅਰਮੈਨ ਹੋਣਗੇ। ਤਰਨਪ੍ਰੀਤ ਸਿੰਘ ਕਲਸੀ ਸਰਪੰਚ ਕੋਟਲਾ ਸ਼ਾਹੀਆ ਨੂੰ ਖੇਡ ਮੈਦਾਨ ਦੇ ਰੱਖ-ਰਖਾਵ ਦੀ ਕਮੇਟੀ ਦੇ ਚੇਅਰਮੈਨ ਬਣਾਇਆ ਗਿਆ।ਖੇਡਾਂ ਦੀ ਰਵਾਇਤ ਅਨੁਸਾਰ ਅੰਤਰਰਾਸ਼ਟਰੀ ਖਿਡਾਰੀਆਂ ਤੇ ਸ਼ਖ਼ਸੀਅਤਾਂ ਨੂੰ ਸਨਮਾਨਤ ਕਰਨ ਲਈ ਉਨ੍ਹਾਂ ਦੀ ਚੋਣ ਲਈ ਪ੍ਰੋ ਗੁਰਭਜਨ ਸਿੰਘ ਗਿੱਲ ਦੀ ਅਗਵਾਈ ਹੇਠ ਕਮੇਟੀ ਬਣਾਈ ਗਈ ਜਿਸ ਵਿੱਚ ਦਰੋਣਾਚਾਰੀਆ ਐਵਾਰਡੀ ਤੇ ਸਾਬਕਾ ਚੀਫ ਕੋਚ ਮੁੱਕੇਬਾਜ਼ੀ ਗੁਰਬਖਸ਼ ਸਿੰਘ ਸੰਧੂ ਤੇ ਖੇਡ ਲੇਖਕ ਨਵਦੀਪ ਸਿੰਘ ਗਿੱਲ ਵੀ ਸ਼ਾਮਲ ਹੋਣਗੇ।

ਅੱਜ ਦੀ ਮੀਟਿੰਗ ਵਿੱਚ ਨਿਸ਼ਾਨ ਸਿੰਘ ਰੰਧਵਾ, ਪ੍ਰਿੰਸੀਪਲ ਮੁਸ਼ਤਾਕ ਗਿੱਲ, ਪ੍ਰਿੰਸੀਪਲ ਧਿਆਨ ਸਿੰਘ, ਰਾਜਵਿੰਦਰ ਸਿੰਘ, ਕੁਲਬੀਰ ਸਿੰਘ, ਖੁਸ਼ਕਰਨ ਸਿੰਘ ਹੇਅਰ, ਜਸਵੰਤ ਸਿੰਘ ਢਿੱਲੋਂ, ਸਰਦੂਲ ਸਿੰਘ ਮੱਲਿਆਂਵਾਲ, ਸੁਰਜੀਤ ਸਿੰਘ ਸੋਢੀ, ਮੱਖਣ ਸਿੰਘ, ਤਰੁਣ ਕਲਸੀ ਸਰਪੰਚ ਕੋਟਲਾ ਸ਼ਾਹੀਆ, ਐਸ. ਡੀ.ਓ. ਜਗਦੀਸ਼ ਸਿੰਘ ਬਾਜਵਾ, ਸੁਖਵਿੰਦਰ ਸਿੰਘ ਫੁੱਟਬਾਲ ਕੋਚ, ਲਖਵਿੰਦਰ ਸਿੰਘ ਅਥਲੈਟਿਕਸ ਕੋਚ, ਸੁਖਦੇਵ ਸਿੰਘ ਬਾਊ ਔਲਖ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਵੀ ਮੌਜੂਦ ਸਨ।

# ਜੰਮੂ-ਕਸ਼ਮੀਰ ਵਿਧਾਨ ਸਭਾ ਦਾ ਪਹਿਲਾ ਸੈਸ਼ਨ ਭਲਕੇ ਤੋਂ ਸ਼ੁਰੂ, ਸੀਐਮ ਉਮਰ ਨੇ ਬੁਲਾਈ ਸਹਿਯੋਗੀ ਪਾਰਟੀਆਂ ਦੀ ਮੀਟਿੰਗ




ਜੰਮੂ-(ਲੋਕ ਬਾਣੀ) ਕਸ਼ਮੀਰ ਵਿਧਾਨ ਸਭਾ ਦਾ ਪਹਿਲਾ ਸੈਸ਼ਨ ਸੋਮਵਾਰ ਤੋਂ ਸ਼ੁਰੂ ਹੋਵੇਗਾ। ਸੈਸ਼ਨ ਤੋਂ ਪਹਿਲਾਂ ਐਤਵਾਰ ਸ਼ਾਮ ਸਾਢੇ ਸੱਤ ਵਜੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸਹਿਯੋਗੀ ਦਲਾਂ ਦੀ ਮੀਟਿੰਗ ਬੁਲਾਈ ਹੈ। ਇਸ ਵਿੱਚ ਕਾਂਗਰਸ, ਸੀਪੀਆਈ (ਐਮ), ਆਮ ਆਦਮੀ ਪਾਰਟੀ ਅਤੇ ਆਜ਼ਾਦ ਵਿਧਾਇਕ ਸ਼ਾਮਲ ਹੋਣਗੇ।

ਦੱਸ ਦੇਈਏ ਕਿ 10 ਸਾਲ ਬਾਅਦ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਨਵੀਂ ਸਰਕਾਰ ਚ ਨੈਸ਼ਨਲ ਕਾਨਫਰੰਸ ਦੇ ਸੀਨੀਅਰ ਵਿਧਾਇਕ ਅਬਦੁਲ ਰਹੀਮ ਰਾਥਰ ਨੂੰ ਸਪੀਕਰ ਬਣਾਇਆ ਜਾ ਸਕਦਾ ਹੈ। ਰਾਦਰ ਸੱਤਵੀਂ ਵਾਰ ਵਿਧਾਇਕ ਚੁਣੇ ਗਏ ਹਨ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੀ ਪਹਿਲੀ ਵਿਧਾਨ ਸਭਾ ਵਿੱਚ ਸਭ ਤੋਂ ਪੁਰਾਣੇ ਵਿਧਾਇਕ ਹਨ।

ਸੈਸ਼ਨ ਤੋਂ ਪਹਿਲਾਂ ਸੋਮਵਾਰ ਨੂੰ ਸਵੇਰੇ 10:30 ਵਜੇ ਤੋਂ ਪਹਿਲਾਂ ਸਪੀਕਰ ਦੀ ਚੋਣ ਕੀਤੀ ਜਾਵੇਗੀ। ਇਸ ਤੋਂ ਬਾਅਦ ਉਪ ਰਾਜਪਾਲ ਦਾ ਸੰਬੋਧਨ ਹੋਵੇਗਾ। ਬੈਠਕ ਚ ਅਬਦੁੱਲਾ ਸਰਕਾਰ ਦੀ ਆਉਣ ਵਾਲੀ ਰਣਨੀਤੀ ਅਤੇ ਯੋਜਨਾਵਾਂ ਤੇ ਵੀ ਚਰਚਾ ਹੋ ਸਕਦੀ ਹੈ। ਮੀਟਿੰਗ ਵਿੱਚ ਨੈਸ਼ਨਲ ਕਾਨਫਰੰਸ ਦੇ ਸਾਰੇ ਵਿਧਾਇਕਾਂ ਨੂੰ ਵੀ ਬੁਲਾਇਆ ਗਿਆ ਹੈ।

# ਪ੍ਰੇਮਿਕਾ ਦੇ ਪਰਿਵਾਰ ਵੱਲੋਂ ਕੁੱਟਮਾਰ ਤੋਂ ਬਾਅਦ 18 ਸਾਲਾ ਨੌਜਵਾਨ ਨੇ ਕੀਤੀ ਖੁਦਕੁਸ਼ੀ



ਜਲੰਧਰ (ਲੋਕ ਬਾਣੀ) 18 ਸਾਲਾ ਲੜਕੇ ਨੇ ਖੁਦਕੁਸ਼ੀ ਕਰ ਲਈ। ਨੌਜਵਾਨ ਆਪਣੀ ਪ੍ਰੇਮਿਕਾ ਦੇ ਪਰਿਵਾਰ ਵਾਲਿਆਂ ਵੱਲੋਂ ਕੀਤੀ ਗਈ ਕੁੱਟਮਾਰ ਤੋਂ ਪਰੇਸ਼ਾਨ ਸੀ। ਇਸ ਕਾਰਨ ਉਸ ਨੇ ਖੁਦਕੁਸ਼ੀ ਕਰਨ ਵਰਗਾ ਸਖ਼ਤ ਕਦਮ ਚੁੱਕਿਆ। ਇਸ ਮਾਮਲੇ ਵਿੱਚ ਥਾਣਾ ਡਿਵੀਜ਼ਨ ਨੰਬਰ 7 ਦੀ ਪੁਲਿਸ ਨੇ ਮ੍ਰਿਤਕ ਨੌਜਵਾਨ ਦੀ ਮਹਿਲਾ ਸਹੇਲੀ ਦੇ ਰਿਸ਼ਤੇਦਾਰਾਂ ਖ਼ਿਲਾਫ਼ ਖੁਦਕੁਸ਼ੀ ਲਈ ਉਕਸਾਉਣ ਦਾ ਕੇਸ ਦਰਜ ਕੀਤਾ ਹੈ। ਸਾਰੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਬਾਕੀ ਹੈ।

ਮ੍ਰਿਤਕ ਦੀ ਪਛਾਣ ਸਾਹਿਲ ਵਾਸੀ ਗੜ੍ਹਾ ਵਜੋਂ ਹੋਈ ਹੈ। ਪੁਲਿਸ ਨੇ ਫਗਵਾੜੀ ਮੁਹੱਲਾ ਵਾਸੀ ਸ਼ੰਟੀ ਅਤੇ ਉਸ ਦੇ ਰਿਸ਼ਤੇਦਾਰਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਥਾਣਾ-7 ਦੀ ♥8® ਅਨੂ ਪਾਲਿਆਲ ਨੇ ਦੱਸਿਆ ਕਿ ਸਾਰੇ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਸਾਹਿਲ ਦੀ ਲਾਸ਼ ਫਾਹੇ ਨਾਲ ਲਟਕਦੀ ਮਿਲੀ। ਕੁੱਟ ਤੋਂ ਬਾਅਦ ਜਦੋਂ ਉਸਦੀ ਗਰਲਫ੍ਰੈਂਡ ਨੇ ਉਸਦੇ ਹੱਥ ਤੇ ਰਾਖੀ ਰੱਖੀ ਤਾਂ ਉਹ ਇਸ ਤੋਂ ਕਾਫੀ ਪਰੇਸ਼ਾਨ ਸੀ। ਜਿਸ ਦੇ ਚਲਦਿਆਂ ਉਸ ਨੇ ਇਹ ਕਦਮ ਚੁੱਕਿਆ। ਪੁਲਿਸ ਵੱਲੋਂ ਦਰਜ 69♣ ਅਨੁਸਾਰ ਸਾਹਿਲ ਇੱਕ ਟੈਕਸੀ ਡਰਾਈਵਰ ਸੀ। ਸਾਹਿਲ ਆਪਣੀ ਦਾਦੀ ਕੋਲ ਰਹਿੰਦਾ ਸੀ। ਉੱਥੋਂ ਉਸ ਨੇ ਮੋਬਾਈਲ ਰਿਪੇਅਰ ਕਰਨਾ ਸਿੱਖਿਆ। ਪ੍ਰੇਮਿਕਾ ਦੇ ਰਿਸ਼ਤੇਦਾਰਾਂ ਨੇ ਨੌਜਵਾਨ ਨੂੰ ਆਪਣੇ ਮੁਹੱਲੇ ਬੁਲਾਇਆ ਅਤੇ ਉਥੇ ਉਸ ਦੀ ਕੁੱਟਮਾਰ ਕੀਤੀ। ਸਾਹਿਲ ਨੇ ਇਸ ਬਾਰੇ ਆਪਣੇ ਪਿਤਾ ਹੈਪੀ ਨੂੰ ਦੱਸਿਆ ਸੀ।

# ਫਰੀਦਕੋਟ ਚ ਪ੍ਰੇਮ ਸਬੰਧਾਂ ਕਾਰਨ ਨੌਜਵਾਨ ਦਾ ਕਤਲ, ਬਜ਼ੁਰਗ ਔਰਤ ਦੀ ਸਦਮੇ ਚ ਮੌਤ



(ਲੋਕ ਬਾਣੀ) ਫਰੀਦਕੋਟ ਦੇ ਪਿੰਡ ਟਿੱਬੀ ਭਰਾਈਆਂ ਵਿੱਚ ਪ੍ਰੇਮ ਸਬੰਧਾਂ ਕਾਰਨ ਨੌਜਵਾਨ ਦਾ ਕਤਲ ਤੇ ਸਦਮੇ ਵਿੱਚ ਬਜ਼ੁਰਗ ਔਰਤ ਦੀ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਵਿੱਚ ਮ੍ਰਿਤਕ ਨੌਜਵਾਨ ਦਾ ਇੱਕ ਸਾਥੀ ਗੰਭੀਰ ਜ਼ਖ਼ਮੀ ਹੋ ਗਿਆ ਹੈ, ਜਿਸ ਨੂੰ ਇਲਾਜ ਲਈ ਇੱਥੋਂ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਮ੍ਰਿਤਕ ਦੀ ਪਛਾਣ ਗੁਰਪ੍ਰੀਤ ਸਿੰਘ (30) ਵਾਸੀ ਡੋਗਰ ਬਸਤੀ, ਫਰੀਦਕੋਟ ਵਜੋਂ ਹੋਈ ਹੈ ਤੇ ਇਸ ਮਾਮਲੇ ਵਿੱਚ ਥਾਣਾ ਸਿਟੀ ਦੀ ਪੁਲਿਸ ਨੇ ਉਕਤ ਪਿੰਡ ਦੇ ਰਹਿਣ ਵਾਲੇ ਇੱਕ ਵਿਆਹੁਤਾ ਜੋੜੇ ਨੂੰ ਹਿਰਾਸਤ ਵਿੱਚ ਲੈ ਕੇ ਪੂਰੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਡੋਗਰ ਬਸਤੀ ਦੇ ਰਹਿਣ ਵਾਲੇ ਨੌਜਵਾਨ ਗੁਰਪ੍ਰੀਤ ਸਿੰਘ ਦਾ ਪਿੰਡ ਟਿੱਬੀ ਭਰਾਈਆਂ ਵਾਸੀ ਜਸਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਦੇ ਘਰ ਆਉਣਾ-ਜਾਣਾ ਸੀ। ਦੱਸਿਆ ਜਾ ਰਿਹਾ ਹੈ ਕਿ ਗੁਰਪ੍ਰੀਤ ਸਿੰਘ ਦੇ ਮਨਪ੍ਰੀਤ ਕੌਰ ਨਾਲ ਪ੍ਰੇਮ ਸਬੰਧ ਸਨ ਅਤੇ ਉਹ ਪਰਿਵਾਰ ਦੇ ਵਿਰੋਧ ਦੇ ਬਾਵਜੂਦ ਉਸ ਦੇ ਘਰ ਆਉਂਦਾ ਜਾਂਦਾ ਸੀ। ਬੀਤੀ ਰਾਤ ਵੀ ਗੁਰਪ੍ਰੀਤ ਸਿੰਘ ਆਪਣੇ ਇੱਕ ਸਾਥੀ ਨਾਲ ਮਨਪ੍ਰੀਤ ਕੌਰ ਦੇ ਘਰ ਆਇਆ ਸੀ ਅਤੇ ਘਰ ਵਿੱਚ ਹੰਗਾਮਾ ਮਚ ਗਿਆ ਤਾਂ ਗੁਰਪ੍ਰੀਤ ਸਿੰਘ ਅਤੇ ਉਸ ਦਾ ਸਾਥੀ ਮੌਕੇ ਤੋਂ ਫ਼ਰਾਰ ਹੋ ਗਏ ਅਤੇ ਇਸ ਦੌਰਾਨ ਉਕਤ ਪਰਿਵਾਰ ਦੀ ਇੱਕ ਬਜ਼ੁਰਗ ਔਰਤ ਦੀ ਸਦਮੇ ਕਾਰਨ ਮੌਤ ਹੋ ਗਈ।

ਔਰਤ ਦੀ ਮੌਤ ਤੋਂ ਬਾਅਦ ਪਿੰਡ ਦੇ ਲੋਕ ਜਸਪ੍ਰੀਤ ਸਿੰਘ ਦੇ ਘਰ ਇਕੱਠੇ ਹੋ ਗਏ ਅਤੇ ਗੁਰਪ੍ਰੀਤ ਸਿੰਘ ਅਤੇ ਉਸ ਦੇ ਸਾਥੀ ਦੇ ਦੁਬਾਰਾ ਪਿੰਡ ਵਿੱਚ ਦਾਖਲ ਹੋਣ ਦੀ ਸੂਚਨਾ ਮਿਲੀ। ਸੂਚਨਾ ਤੋਂ ਬਾਅਦ ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਪਰ ਦੋਵਾਂ ਧਿਰਾਂ ਵਿਚਾਲੇ ਹੋਏ ਝਗੜੇ ਦੌਰਾਨ ਤੇਜ਼ਧਾਰ ਹਥਿਆਰਾਂ ਨਾਲ ਸੱਟਾਂ ਲੱਗਣ ਕਾਰਨ ਗੁਰਪ੍ਰੀਤ ਸਿੰਘ ਦੀ ਮੌਤ ਹੋ ਗਈ ਜਦਕਿ ਉਸ ਦਾ ਸਾਥੀ ਜ਼ਖਮੀ ਹੋ ਗਿਆ।

ਇਸ ਮਾਮਲੇ ਵਿਚ ਡੀਐਸਪੀ ਤਰਲੋਚਨ ਸਿੰਘ ਨੇ ਕਿਹਾ ਕਿ ਪੁਲਿਸ ਵੱਲੋਂ ਪੂਰੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮ੍ਰਿਤਕ ਗੁਰਪ੍ਰੀਤ ਸਿੰਘ ਪਿਛਲੇ ਕੁਝ ਸਮੇਂ ਤੋਂ ਜਸਪ੍ਰੀਤ ਸਿੰਘ ਅਤੇ ਮਨਪ੍ਰੀਤ ਕੌਰ ਕੋਲ ਆਉਂਦਾ ਜਾਂਦਾ ਸੀ। ਪੁਲਿਸ ਨੇ ਉਕਤ ਜੋੜੇ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ ਤੇ ਜ਼ਖਮੀ ਤੋਂ ਜਾਣਕਾਰੀ ਹਾਸਲ ਕੀਤੀ ਜਾ ਰਹੀ ਹੈ, ਜਿਸ ਦੇ ਆਧਾਰ ਤੇ ਕਾਰਵਾਈ ਕੀਤੀ ਜਾਵੇਗੀ।

# ਪੰਜਾਬ ਸਰਕਾਰ ਵੱਲੋਂ PCS ਪੱਧਰ ਦੇ ਅ.ਫ਼ਸਰਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ

ਮੋਗਾ (ਲੋਕ ਬਾਣੀ)- ਜ਼ਿਲ੍ਹਾ ਮੋਗਾ ਵਿੱਚ ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਰੋਕਣ ਲਈ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਬਹੁਤ ਹੀ ਸਖ਼ਤ ਰੁਖ਼ ਅਖ਼ਤਿਆਰ ਕੀਤਾ ਹੈ। ਇਸ ਦਿਸ਼ਾ ਵਿੱਚ ਜ਼ੀਰੋ ਟੌਲਰੈਂਸ ਦੀ ਨੀਤੀ ਉੱਤੇ ਕਾਇਮ ਰਹਿੰਦਿਆਂ ਜਿੱਥੇ ਨੋਡਲ ਅ.ਫ਼ਸਰਾਂ, ਕਲੱਸਟਰ ਅ.ਫ਼ਸਰਾਂ ਅਤੇ ਐਸ ਐਚ ਓ ਪੱਧਰ ਦੇ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਹਨ ਉਥੇ ਹੀ ਪੀ ਸੀ ਐਸ ਪੱਧਰ ਅਤੇ ਬਲਾਕ ਵਿਕਾਸ ਅਤੇ ਪੰਚਾਇਤ ਅ.ਫ਼ਸਰ ਪੱਧਰ ਦੇ ਅਧਿਕਾਰੀਆਂ ਨੂੰ ਵੀ ਨਹੀਂ ਬਖ਼ਸ਼ਿਆ ਗਿਆ ਹੈ।

ਸਰਕਾਰ ਦੇ ਹੁਕਮਾਂ 'ਤੇ ਡੀਸੀ ਮੋਗਾ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਲੁਧਿਆਣਾ ਵੱਲੋਂ ਜ਼ਿਲ੍ਹਾ ਮੋਗਾ ਵਿੱਚ ਹੁਣ ਤੱਕ 105 ਕੇਸ ਦਰਜ ਕੀਤੇ ਗਏ ਹਨ, ਜਿਨਾਂ ਦੇ ਵਿੱਚੋਂ 87 ਕੇਸ ਅੱਗ ਲੱਗਣ ਦੇ ਹਨ ਅਤੇ 18 ਕੇਸ ਅੱਗ ਲੱਗਣ ਦੇ ਨਹੀਂ ਪਾਏ ਗਏ ਹਨ।

ਉਹਨਾਂ ਦੱਸਿਆ ਕਿ ਇਸ ਸਬੰਧੀ 61 ਵਿਅਕਤੀਆਂ ਦੇ ਵਿਰੁੱਧ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ ਅਤੇ ਉਨ੍ਹਾਂ ਦੇ ਮਾਲ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਸਬੰਧਤ ਕਿਸਾਨਾਂ ਨੂੰ ਬਣਦਾ ਜੁਰਮਾਨਾ 1 ਲੱਖ 72 ਹਜਾਰ 500 ਰੁਪਏ ਵੀ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕੁਝ ਅਧਿਕਾਰੀਆਂ, ਜਿਨ੍ਹਾਂ ਦੇ ਏਰੀਏ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਾਪਰੀਆਂ ਹਨ, ਉਨ੍ਹਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ।

ਇਹਨਾਂ ਅਧਿਕਾਰੀਆਂ ਵਿੱਚ ਐਸ ਡੀ ਐਮ ਮੋਗਾ ਸਾਰੰਗਪ੍ਰੀਤ ਸਿੰਘ ਔਜਲਾ, ਐਸ ਡੀ ਐਮ ਬਾਘਾਪੁਰਾਣਾ ਬੇਅੰਤ ਸਿੰਘ ਸਿੱਧੂ, ਬੀ ਡੀ ਪੀ ਓ ਨਿਹਾਲ ਸਿੰਘ ਵਾਲਾ ਸ਼੍ਰੀਮਤੀ ਰੁਪਿੰਦਰ ਕੌਰ, ਜਸਵਰਿੰਦਰ ਸਿੰਘ ਐਸ.ਐਚ. ਓ ਬਾਘਾਪੁਰਾਣਾ, ਜਤਿੰਦਰ ਸਿੰਘ ਐਸ.ਐਚ. ਓ ਧਰਮਕੋਟ, ਕਲੱਸਟਰ ਅ.ਫ਼ਸਰ ਸੁਖਵਿੰਦਰ ਸਿੰਘ ਤਹਿਸੀਲ ਮੋਗਾ,ਕਲੱਸਟਰ ਅ.ਫ਼ਸਰ ਮਨਮੋਹਨ ਸਿੰਘ ਤਹਿਸੀਲ ਮੋਗਾ, ਨੋਡਲ ਅ.ਫ਼ਸਰ ਪ੍ਰਭਦੀਪ ਸਿੰਘ ਪਿੰਡ ਭਿੰਡਰ ਕਲਾਂ ਤਹਿਸੀਲ ਧਰਮਕੋਟ, ਨੋਡਲ ਅ.ਫ਼ਸਰ ਰਕੇਸ਼ ਕੁਮਾਰ ਪਿੰਡ ਉਮਰਪੁਰਾ ਤਹਿਸੀਲ ਧਰਮਕੋਟ, ਨੋਡਲ ਅ.ਫ਼ਸਰ ਰਕੇਸ਼ ਕੁਮਾਰ ਪਿੰਡ ਕਿਸ਼ਨਪੁਰਾ ਕਲਾਂ ਤਹਿਸੀਲ ਧਰਮਕੋਟ, ਨੋਡਲ ਅ.ਫ਼ਸਰ ਸੰਜੀਵਨ ਕੁਮਾਰ ਪਿੰਡ ਗਿੱਲ ਤਹਿਸੀਲ ਬਾਘਾਪੁਰਾਣਾ, ਨੋਡਲ ਅ.ਫ਼ਸਰ ਪਰਗਟਜੀਤ ਸਿੰਘ ਪਿੰਡ ਕਿਸ਼ਨਪੁਰਾ ਕਲਾਂ ਤਹਿਸੀਲ ਧਰਮਕੋਟ, ਨੋਡਲ ਅ.ਫ਼ਸਰ ਬਲਵਿੰਦਰ ਸਿੰਘ ਤਹਿਸੀਲ ਨਿਹਾਲ ਸਿੰਘ ਵਾਲਾ, ਨੋਡਲ ਅ.ਫ਼ਸਰ ਦਵਿੰਦਰ ਸਿੰਘ ਤਹਿਸੀਲ ਨਿਹਾਲ ਸਿੰਘ ਵਾਲਾ, ਨੋਡਲ ਅ.ਫ਼ਸਰ ਤਹਿਸੀਲ ਮੋਗਾ ਜਗਸੀਰ ਸਿੰਘ ਸ਼ਾਮਿਲ ਹਨ।

ਇਥੋਂ ਤੱਕ ਕਿ ਇਕ ਅਧਿਕਾਰੀ ਨੋਡਲ ਅ.ਫ਼ਸਰ ਪਰਗਟਜੀਤ ਸਿੰਘ ਪਿੰਡ ਕਿਸ਼ਨਪੁਰਾ ਕਲਾਂ ਤਹਿਸੀਲ ਧਰਮਕੋਟ ਦੇ ਖਿਲਾਫ ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ ਇੰਨ ਨੈਸ਼ਨਲ ਕੈਪੀਟਲ ਐਂਡ ਐਡਜੁਆਇੰਨਿੰਗ ਏਰੀਆਜ਼ ਐਕਟ ਦੀ ਧਾਰਾ 14(1) ਅਧੀਨ ਕਾਰਵਾਈ ਲਈ ਸੀ ਜੇ ਐਮ ਮੋਗਾ ਦੀ ਅਦਾਲਤ ਵਿੱਚ ਮਾਮਲਾ ਦਾਇਰ ਕਰ ਦਿੱਤਾ ਗਿਆ ਹੈ। ਇਸ ਮਾਮਲੇ ਅਧੀਨ ਦੋਸ਼ੀ ਪਏ ਜਾਣ ਉੱਤੇ ਦੋਸ਼ੀ ਨੂੰ ਇਕ ਕਰੋੜ ਰੁਪਏ ਜੁਰਮਾਨਾ ਅਤੇ 5 ਸਾਲ ਕੈਦ ਜਾਂ ਫਿਰ ਦੋਵੇਂ ਵੀ ਹੋ ਸਕਦੇ ਹਨ।

ਉਹਨਾਂ ਕਿਹਾ ਕਿ ਮੋਗਾ ਜ਼ਿਲ੍ਹੇ ਵਿੱਚ ਨੈਸ਼ਨਲ ਗਰੀਨ ਟ੍ਰਿਬਿਊਨਲ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਜੰਗੀ ਪੱਧਰ ਤੇ ਕਾਰਜ ਕੀਤੇ ਜਾ ਰਹੇ ਹਨ ਤੇ ਟੀਮਾਂ ਲਗਾਤਾਰ ਦਿਨ ਰਾਤ ਪਿੰਡਾਂ ਦੇ ਵਿੱਚ ਰਹਿੰਦੀਆਂ ਹਨ। ਇਹਨਾਂ ਟੀਮਾਂ ਤੋਂ ਇਲਾਵਾ ਉਹ ਖੁਦ ਤੇ ਐਸ.ਐਸ.ਪੀ ਸ਼੍ਰੀ ਅਜੈ ਗਾਂਧੀ ਵਲੋਂ ਵੀ ਫੀਲਡ ਵਿੱਚ ਜਾ ਕੇ ਅੱਗ ਲੱਗਣ ਦੀਆਂ ਘਟਨਾਵਾਂ ਉਤੇ ਨਿਗਾਹ ਰੱਖੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੂਰੇ ਜ਼ਿਲ੍ਹਾ ਮੋਗਾ ਵਿੱਚ ਜਿੱਥੇ ਜਾਗਰੂਕਤਾ ਮੁਹਿੰਮ ਜੰਗੀ ਪੱਧਰ ਤੇ ਜਾਰੀ ਹੈ, ਉੱਥੇ ਹੀ ਪਰਾਲੀ ਨੂੰ ਅੱਗ ਲਗਾਉਣ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਦੇ ਚਾਲਾਨ ਕੱਟੇ ਜਾ ਰਹੇ ਹਨ। ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਵਾਤਾਵਰਨ ਦੀ ਸੰਭਾਲ ਅਤੇ ਪਰਾਲੀ ਨੂੰ ਜ਼ਮੀਨ ਵਿੱਚ ਮਿਲਾਉਣ ਦੇ ਫਾਇਦਿਆਂ ਬਾਰੇ ਵੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਪੰਚਾਇਤਾਂ, ਸਹਿਕਾਰੀ ਸਭਾਵਾਂ ਤੇ ਨਿੱਜੀ ਵਿਅਕਤੀਆਂ ਨੂੰ 7401 ਖੇਤੀ ਮਸ਼ੀਨਰੀ ਸਬਸਿਡੀ ਤੇ ਮੁਹੱਈਆ ਕਰਵਾਈ ਗਈ ਹੈ ਅਤੇ ਇਸ ਸਮੇਂ ਖੇਤੀ ਮਸ਼ੀਨਰੀ ਦੀ ਉਪਲੱਬਧਤਾ ਸਬੰਧੀ ਪਿੰਡ ਪੱਧਰ ਤੇ ਲਿਸਟਾਂ ਮੁਹੱਈਆਂ ਕਰਵਾਈਆਂ ਗਈਆਂ ਹਨ ਅਤੇ ਕਿਊ.ਆਰ. ਕੋਡ ਵੀ ਜਾਰੀ ਕੀਤਾ ਗਿਆ ਹੈ। ਕੋਈ ਵੀ ਲੋੜਵੰਦ ਇਹ ਮਸ਼ੀਨਰੀ ਪਰਾਲੀ ਨੂੰ ਸਾਂਭਣ ਲਈ ਵਰਤ ਸਕਦਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਝੋਨੇ ਦੇ ਸੀਜ਼ਨ ਦੌਰਾਨ ਜ਼ਿਲ੍ਹਾ ਮੋਗਾ ਦੇ ਸਮੂਹ ਪਿੰਡਾਂ ਲਈ 23 ਕਲੱਸਟਰ ਅਫਸਰਾਂ ਦੀ ਨਿਗਰਾਨੀ ਹੇਠ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਜਾਗਰੂਕਤਾ ਮੁਹਿੰਮ/ਕਾਰਵਾਈ ਲਈ 146 ਨੋਡਲ ਅਧਿਕਾਰੀ ਲਗਾਏ ਗਏ ਹਨ, ਜੋ ਕਿਤੇ ਵੀ ਅੱਗ ਲੱਗਣ ਦੀ ਘਟਨਾ ਦਾ ਪਤਾ ਲੱਗਣ ਤੇ ਤੁਰੰਤ ਕਾਰਵਾਈ ਅਮਲ ਵਿੱਚ ਲਿਆ ਰਹੇ ਹਨ। ਉਨ੍ਹਾਂ ਕਿਹਾ ਕਿ ਹਾਰਵੈਸਟ ਕੰਬਾਇਨਾਂ ਲਈ ਸੁਪਰ ਐਸ.ਐਮ.ਐਸ ਤਕਨੀਕ ਲਾਜਮੀ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਸਾਰੀਆਂ ਕੰਬਾਈਨਾਂ ਨੂੰ ਸੁਪਰ ਐਸਐਮਐਸ ਨਾਲ ਲਗਾ ਕੇ ਕਟਾਈ ਕਰਨ ਲਈ ਕਿਹਾ ਗਿਆ ਹੈ ਤੇ ਚੈਕਿੰਗ ਦੌਰਾਨ ਹਾਲੇ ਤੱਕ ਕੋਈ ਵੀ ਮਸ਼ੀਨ ਬਿਨ੍ਹਾਂ ਸੁਪਰ ਐਸਐਮਐਸ ਤੋਂ ਨਹੀਂ ਪਾਈ ਗਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਦੀ ਪਰਾਲੀ ਪ੍ਰਬੰਧਨ ਲਈ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਹਰੇਕ ਪ੍ਰਕਾਰ ਦੀ ਮੱਦਦ ਕਰ ਰਹੇ ਹਨ ਪ੍ਰੰਤੂ ਫਿਰ ਵੀ ਕਈ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਗਾਈ ਜਾ ਰਹੀ ਹੈ ਇਹਨਾਂ ਕਿਸਾਨਾਂ ਉਪਰ ਸਬੰਧਤ ਟੀਮਾਂ ਕਾਰਵਾਈ ਵੀ ਕਰ ਰਹੀਆਂ ਹਨ। ਉਹਨਾਂ ਦੱਸਿਆ ਕਿ ਕਿਸਾਨ ਕਿਸੇ ਵੀ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ। ਜਿਹੜੇ ਵੀ ਕਿਸਾਨ ਵੱਲੋਂ ਨਾੜ/ਪਰਾਲੀ ਨੂੰ ਅੱਗ ਲਗਾਈ ਜਾਂਦੀ ਹੈ ਉਹਨਾਂ ਦੀ ਜਮੀਨ ਦੀ ਗਿਰਦਾਵਰੀ ਵਿੱਚ ਸੁਰਖ ਅੱਖਰਾਂ ਵਿੱਚ ਇੰਦਰਾਜ ਕੀਤੇ ਜਾ ਰਹੇ ਹਨ ਅਤੇ ਚਲਾਨ ਕੱਟ ਕੇ ਜੁਰਮਾਨੇ ਪਾਏ ਜਾ ਰਹੇ ਹਨ।

ਪੰਜਾਬ ਸਰਕਾਰ ਵੱਲੋਂ ਹਵਾ (ਰੋਕਥਾਮ ਅਤੇ ਕੰਟਰੋਲ ਆਫ ਪ੍ਰਦੂਸ਼ਣ) ਐਕਟ, 1981 ਦੀ ਧਾਰਾ 19 (5) ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਰਾਜ ਦੇ ਵਿੱਚ ਫਸਲਾਂ ਦੀ ਨਾੜ/ਰਹਿੰਦ-ਖੂੰਹਦ ਨੂੰ ਅੱਗ ਲਗਾਏ ਜਾਣ ਦੀ ਮਨਾਹੀ ਕੀਤੀ ਗਈ ਹੈ ਅਤੇ ਮਾਨਯੋਗ ਨੈਸ਼ਨਲ ਗਰੀਨ ਟ੍ਰਿਬਿਊਨਲ ਨਵੀਂ ਦਿੱਲੀ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਨ ਹਿੱਤ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਅਤੇ ਪੰਜਾਬ ਸਰਕਾਰ ਪਾਸੋਂ ਪ੍ਰਾਪਤ ਹੋਈਆਂ ਹਦਾਇਤਾਂ ਨੂੰ ਮੁੱਖ ਰੱਖਦੇ ਹੋਏ ਫਸਲਾਂ ਦੀ ਨਾੜ/ਰਹਿੰਦ-ਖੂੰਹਦ ਨੂੰ ਅੱਗ ਲਗਾਏ ਜਾਣ ਤੋਂ ਰੋਕਣ ਅਤੇ ਇਸਨੂੰ ਅੱਗ ਲਗਾਏ ਜਾਣ ਦੀ ਸੂਰਤ ਵਿੱਚ ਕਾਰਵਾਈ ਕਰਨ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਮੋਗਾ ਪੁਰਜੋਰ ਯਤਨਸ਼ੀਲ ਰਹਿ ਰਿਹਾ ਹੈ।

ਜਿੱਥੇ 146 ਨੋਡਲ ਅਫਸਰ ਅਤੇ 23 ਕਲਸਟਰ ਅਫਸਰ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਉਪਰ ਨਜ਼ਰ ਰੱਖ ਕੇ ਇਹਨਾਂ ਉਪਰ ਨਿਯਮਾਂ ਅਨੁਸਾਰ ਕਾਰਵਾਈ ਕਰ ਰਹੇ ਹਨ, ਉਥੇ ਹੀ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਵੱਲੋਂ ਹਰੇਕ ਸਬ ਡਿਵੀਜ਼ਨਲ ਪੱਧਰ ਉਪਰ ਕੰਟਰੋਲ ਰੂਮ ਸਥਾਪਿਤ ਕਰ ਦਿੱਤੇ ਹਨ। ਕੰਟਰੋਲ ਰੂਮਾਂ ਦੀਆਂ ਇਹ ਟੀਮਾਂ ਪਰਾਲੀ ਸਾੜਨ ਦੀਆਂ ਘਟਨਾਵਾਂ ਦੀ ਸੂਚਨਾ ਨੂੰ ਅੱਗੇ ਸਬੰਧਤ ਫੀਲਡ ਟੀਮ ਨੂੰ ਤੁਰੰਤ ਪ੍ਰਭਾਵ ਨਾਲ ਦੇਣ ਦੀਆਂ ਜਿੰਮੇਵਾਰ ਹੋਣਗੀਆਂ ਤਾਂ ਕਿ ਇਸ ਉਪਰ ਤੁਰੰਤ ਪ੍ਰਭਾਵ ਨਾਲ ਕਾਰਵਾਈ ਕੀਤੀ ਜਾ ਸਕੇ। ਇਸ ਤੋਂ ਇਲਾਵਾ ਇਹਨਾਂ ਕੰਟਰੋਲ ਰੂਮਾਂ ਦੇ ਨੰਬਰਾਂ ਜਰੀਏ ਕਿਸਾਨ ਪਰਾਲੀ ਪ੍ਰਬੰਧਨ ਲਈ ਸੋਸਾਇਟੀਆਂ ਵਿੱਚ ਮੌਜੂਦ ਮਸ਼ੀਨਰੀ ਲਈ ਵੀ ਜਾਣਕਾਰੀ ਲੈ ਸਕਦੇ ਹਨ। ਇਹਨਾਂ ਕੰਟਰੋਲ ਰੂਮਾਂ ਉੱਤੇ ਪੁਲਿਸ ਅਫਸਰ, ਸਹਿਕਾਰਤਾ ਵਿਭਾਗ ਦੇ ਅਧਿਕਾਰੀਆਂ ਸਮੇਤ ਹੋਰ ਮੁਲਾਜ਼ਮਾਂ ਨੂੰ ਵੀ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਤੁਰੰਤ ਬਣਦਾ ਐਕਸ਼ਨ ਲਿਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਕੰਟਰੋਲ ਰੂਮ ਕਿਸਾਨਾਂ ਦੀ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਦੀ ਸੁਵਿਧਾ ਬਾਰੇ ਵੀ ਜਾਣਕਾਰੀ ਦੇਣਗੇ। ਉਹਨਾਂ ਇਹਨਾਂ ਕੰਟਰੋਲ ਰੂਮ ਦੇ ਨੰਬਰਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਬ ਡਿਵੀਜ਼ਨ ਮੋਗਾ ਦੇ ਕੰਟਰੋਲ ਰੂਮ ਦੇ ਨੰਬਰ 7973058352, 9878576038, 8968510000, 9780100872, ਸਬ ਡਿਵੀਜ਼ਨ ਬਾਘਾਪੁਰਾਣਾ ਦੇ ਕੰਟਰੋਲ ਰੂਮ ਦੇ ਨੰਬਰ 9814481581, 7009034364, 9815117302, 9780005208 ਹਨ। ਇਸੇ ਤਰ੍ਹਾਂ ਸਬ ਡਿਵੀਜ਼ਨ ਧਰਮਕੋਟ ਦੇ ਕੰਟਰੋਲ ਰੂਮ ਦੇ ਨੰਬਰ 8390200013, 7837600502, 9878525552, 9870002034 ਅਤੇ ਸਬ ਡਿਵੀਜ਼ਨ ਨਿਹਾਲ ਸਿੰਘ ਵਾਲਾ ਦੇ ਕੰਟਰੋਲ ਰੂਮ ਦੇ ਨੰਬਰ 7009047446, 9780633830, 9876369701, 9780007417 ਹਨ।

# ਪੰਜਾਬ ਦੇ ਹਜ਼ਾਰਾਂ ਬੇਰੁਜ਼ਗਾਰਾਂ ਨੇ ਭਗਵੰਤ ਮਾਨ ਦੀ ਅਰਥੀ ਸਾੜ ਕੇ ਮਨਾਈ ਕਾਲੀ ਦੀਵਾਲੀ



ਸੰਗਰੂਰ: (ਲੋਕ ਬਾਣੀ)

ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਆਪਣੀ ਭਰਤੀ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ ਬੇਰੁਜ਼ਗਾਰ ਸਾਂਝੇ ਮੋਰਚੇ ਨੇ ਦਿਵਾਲੀ ਦੇ ਤਿਓਹਾਰ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਥਾਨਕ ਰਿਹਾਇਸ਼ ਨੇੜੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਸ ਮੁਜ਼ਾਹਰਾ ਕੀਤਾ ਅਤੇ ਕਾਲੀ ਦੀਵਾਲੀ ਮਨਾਈ।

ਬੇਰੁਜ਼ਗਾਰ ਸਾਂਝੇ ਮੋਰਚੇ ਦੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਹਰਜਿੰਦਰ ਝੁਨੀਰ, ਹਰਜਿੰਦਰ ਬੁਢਲਾਡਾ, ਅਮਨਦੀਪ ਸੇਖਾ ਅਤੇ ਸੁਖਪਾਲ ਖ਼ਾਨ ਨੇ ਦੱਸਿਆ ਕਿ ਵਿਧਾਨ ਸਭਾ ਚੋਣਾਂ ਮੌਕੇ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਸੁਧਾਰ ਕਰਨ, ਭਰਤੀ ਕੈਲੰਡਰ ਲਾਗੂ ਕਰਕੇ ਹਰੇਕ ਸਾਲ ਭਰਤੀਆਂ ਕਰਨ, ਮਾਸਟਰ ਕੇਡਰ ਉੱਪਰ ਥੋਪੀ 55% ਦੀ ਬੇਤੁਕੀ ਸ਼ਰਤ ਰੱਦ ਕਰਨ।

ਲੈਕਚਰਾਰ ਕੰਬੀਨੇਸ਼ਨ ਦਰੁਸਤ ਕਰਨ, ਆਰਟ ਐਂਡ ਕਰਾਫਟ ਦੀਆਂ 250 ਪੋਸਟਾਂ ਦਾ ਲਿਖਤੀ ਪੇਪਰ ਲੈਣ ਅਤੇ ਮਲਟੀਪਰਪਜ਼ ਹੈਲਥ ਵਰਕਰ (ਪੁਰਸ਼) ਦੀਆਂ ਖ਼ਾਲੀ ਅਸਾਮੀਆਂ ਦਾ ਇਸ਼ਤਿਹਾਰ ਜਾਰੀ ਕਰਨ ਅਤੇ ਸਾਰੀਆਂ ਭਰਤੀਆਂ ਵਿੱਚ ਉਮਰ ਹੱਦ ਛੋਟ ਦੇਣ ਆਦਿ ਸਮੇਤ ਕੀਤੇ ਅਨੇਕਾਂ ਵਾਅਦੇ ਪੂਰੇ ਨਹੀਂ ਕੀਤੇ। ਉਹਨਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਨੇ ਅਨੇਕਾਂ ਵਾਰ ਮੀਟਿੰਗਾਂ ਦਾ ਲਾਰਾ ਦੇ ਕੇ ਹੁਣ ਤੱਕ ਬੇਰੁਜ਼ਗਾਰਾਂ ਨਾਲ ਇੱਕ ਵੀ ਪੈਨਲ ਮੀਟਿੰਗ ਨਹੀਂ ਕੀਤੀ। ਇਸ ਲਈ ਸਰਕਾਰ ਦੀ ਹੁਣ ਤੱਕ ਦੀ ਕਾਰਗੁਜ਼ਾਰੀ ਤੋਂ ਅੱਕੇ ਬੇਰੁਜ਼ਗਾਰਾਂ ਨੇ ਸਥਾਨਕ ਵੇਰਕਾ ਮਿਲਕ ਪਲਾਂਟ ਤੋਂ ਮਾਰਚ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਦੇ ਨੇੜੇ ਪੰਜਾਬ ਸਰਕਾਰ ਦੀ ਅਰਥੀ ਫੂਕੀ।

ਇਸ ਮੌਕੇ ਮਨਦੀਪ ਕੌਰ ਨਦਾਮਪੁਰ, ਗਗਨਦੀਪ ਕੌਰ ਭਦੌੜ, ਰਾਜਵੀਰ ਕੌਰ ਸੰਗਰੂਰ, ਮਨਜੀਤ ਕੌਰ ਦਿੜ੍ਹਬਾ, ਮਨਦੀਪ ਕੌਰ ਸੰਗਰੂਰ, ਸਿਮਰਨਜੀਤ ਕੌਰ ਲੱਡਾ,ਗੀਤਾ ਬੁਢਲਾਡਾ, ਰਿੰਕੂ ਬਾਦਲਗੜ੍ਹ, ਸੰਦੀਪ ਮੋਫਰ, ਸੁਖਦੇਵ ਨੰਗਲ, ਪਰਮਿੰਦਰ ਬਦੇਸਾ, ਸੰਦੀਪ ਧੌਲਾ, ਰਮਨਦੀਪ ਬਰਨਾਲਾ, ਅਮਨਦੀਪ ਪੁਰੀ ਭਦੌੜ, ਬਚਿੱਤਰ ਸਿੰਘ ਬੁਢਲਾਡਾ, ਗੁਰਵੀਰ ਮੰਗਵਾਲ, ਜਗਸੀਰ ਉੱਪਲੀ,ਮਨਪ੍ਰੀਤ ਭੂਰ,ਕਮਲਜੀਤ ਸੰਗਰੂਰ,ਹਰਪਿਆਰ ਸੰਗਰੂਰ, ਸਤਨਾਮ ਮਲੇਰਕੋਟਲਾ, ਬਹਾਦਰ ਮਲੇਰਕੋਟਲਾ,ਜਗਤਾਰ ਖਿਆਲਾ ਕਲਾਂ, ਹਰਪ੍ਰੀਤ ਚੌਹਾਨ, ਜਗਤਾਰ ਮਲੇਰਕੋਟਲਾ, ਸਮਨਦੀਪ ਮਲੇਰਕੋਟਲਾ, ਸਤਨਾਮ ਸਿੰਘ ਮਲੇਰਕੋਟਲਾ ਅਤੇ ਦਰਸ਼ਨ ਸਿੰਘ ਲੱਡਾ ਸ਼ਾਮਲ ਸਨ।

ਬੇਰੁਜ਼ਗਾਰ ਸਾਂਝੇ ਮੋਰਚੇ ਦੀਆਂ ਮੰਗਾਂ:

1 - ਮਾਸਟਰ ਕੇਡਰ ਦੇ ਸਾਰੇ ਵਿਸ਼ਿਆਂ ਦੀਆਂ ਸਾਰੀਆਂ ਖਾਲੀ ਅਸਾਮੀਆਂ ਭਰੀਆਂ ਜਾਣ।

2 - ਮਾਸਟਰ ਕੇਡਰ ਵਿੱਚ ਥੋਪੀ ਬੇਤੁਕੀ 55 ਪ੍ਰਤੀਸ਼ਤ ਸ਼ਰਤ ਰੱਦ ਕੀਤੀ ਜਾਵੇ।

3 - ਸਿਹਤ ਅਤੇ ਸਿੱਖਿਆ ਵਿਭਾਗ ਸਮੇਤ ਸਾਰੇ ਵਿਭਾਗਾਂ ਵਿੱਚ ਆਉਂਦੀਆਂ ਭਰਤੀਆਂ ਵਿੱਚ ਉਮਰ ਹੱਦ ਦੀ ਛੋਟ ਦੇ ਕੇ ਸਾਰੇ ਓਵਰ ਏਜ਼ ਬੇਰੁਜ਼ਗਾਰਾਂ ਨੂੰ ਇੱਕ ਮੌਕਾ ਦਿੱਤਾ ਜਾਵੇ।ਭਰਤੀਆਂ ਵਿੱਚ ਉਮਰ ਹੱਦ ਦੀ ਉਪਰਲੀ ਉਮਰ ਸੀਮਾ 37 ਤੋ 42 ਸਾਲ ਅਤੇ 42 ਤੋ 47 ਸਾਲ ਕੀਤੀ ਜਾਵੇ।

4- ਆਰਟ ਐਂਡ ਕਰਾਫਟ ਦੀਆਂ 250 ਪੋਸਟਾਂ ਦਾ ਲਿਖਤੀ ਪੇਪਰ ਤੁਰੰਤ ਲਿਆ ਜਾਵੇ।

5-ਉਮਰ ਹੱਦ ਵਿੱਚ ਛੋਟ ਦੇ ਕੇ ਪ੍ਰਾਇਮਰੀ ਸਕੂਲਾਂ ਵਿੱਚ 2000 ਡਰਾਇੰਗ ਟੀਚਰ ਭਰਤੀ ਕੀਤੇ ਜਾਣ।

6- ਲੈਕਚਰਾਰ ਦੀਆਂ ਰੱਦ ਕੀਤੀਆਂ ਅਸਾਮੀਆਂ ਵਿੱਚ ਬਾਕੀ ਹੋਰ ਸਾਰੇ ਵਿਸ਼ਿਆਂ ਦੀਆਂ ਪੋਸਟਾਂ ਐਡ ਕਰਕੇ , ਸਾਰੇ ਵਿਸ਼ਿਆਂ ਦਾ ਇਸ਼ਤਿਹਾਰ ਜਾਰੀ ਕੀਤਾ ਜਾਵੇ। ਉਮਰ ਹੱਦ ਛੋਟ ਦਿੱਤੀ ਜਾਵੇ। ਕੰਬੀਨੇਸ਼ਨ ਦਰੁਸਤ ਕੀਤੇ ਜਾਣ।

7- ਮਲਟੀ ਪਰਪਜ਼ ਹੈਲਥ ਵਰਕਰ ਪੁਰਸ਼ ਦੀਆਂ ਸਾਰੀਆਂ ਖਾਲੀ ਅਸਾਮੀਆਂ ਦਾ ਇਸ਼ਤਿਹਾਰ ਉਮਰ ਹੱਦ ਛੋਟ ਦੇ ਕੇ ਜਾਰੀ ਕੀਤਾ ਜਾਵੇ।

8 - ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵਿੱਚ ਮ੍ਰਿਤਕ ਆਸ਼ਰਿਤਾਂ ਨੂੰ ਬਿਨਾ ਸ਼ਰਤ ਰੁਜ਼ਗਾਰ ਦਿੱਤਾ ਜਾਵੇ।

# ਕਾਂਗਰਸੀ ਲੀਡਰ ਦੀ ਅਸ਼ਲੀਲ ਵੀਡੀਓ ਵਾਇਰਲ, ਪਾਰਟੀ ਨੇ ਲਿਆ ਸਖ਼ਤ ਐਕਸ਼ਨ



, (ਲੋਕ ਬਾਣੀ)

ਨੇਤਾਵਾਂ ਦੇ ਸੈਕਸ ਸਕੈਂਡਲਾਂ ਦਾ ਪਰਦਾਫਾਸ਼ ਅਕਸਰ ਸੱਤਾ ਦੇ ਗਲਿਆਰਿਆਂ ਵਿੱਚ ਖਲਬਲੀ ਮਚਾ ਦਿੰਦਾ ਹੈ। ਅਜਿਹਾ ਹੀ ਕੁਝ ਉੱਤਰ ਪ੍ਰਦੇਸ਼ ਦੀ ਰਾਜਨੀਤੀ ਵਿੱਚ ਦੇਖਣ ਨੂੰ ਮਿਲ ਰਿਹਾ ਹੈ।

ਕਾਂਗਰਸ ਦੇ ਬਾਗਪਤ ਜ਼ਿਲ੍ਹਾ ਪ੍ਰਧਾਨ ਮੁਹੰਮਦ ਯੂਨਸ ਚੌਧਰੀ ਦਾ ਇੱਕ ਅਸ਼ਲੀਲ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਹਾਲਾਂਕਿ ਮੁਹੰਮਦ ਯੂਨਸ ਦਾ ਦਾਅਵਾ ਹੈ ਕਿ ਇਹ ਝੂਠੀ ਸਾਜ਼ਿਸ਼ ਉਸ ਨੂੰ ਫਸਾਉਣ ਲਈ ਰਚੀ ਗਈ ਹੈ। ਇਹ ਵੀਡੀਓ ਫਰਜ਼ੀ ਹੈ। ਪਰ ਵੀਡੀਓ ਸਾਹਮਣੇ ਆਉਂਦੇ ਹੀ ਕਾਂਗਰਸ ਨੇ ਉਨ੍ਹਾਂ ਨੂੰ ਅਹੁਦੇ ਤੋਂ ਬਰਖਾਸਤ ਕਰ ਦਿੱਤਾ। ਪੀਟੀਆਈ ਦੀ ਰਿਪੋਰਟ ਮੁਤਾਬਕ ਵਾਇਰਲ ਵੀਡੀਓ ਵਿੱਚ ਮੁਹੰਮਦ ਯੂਨਸ ਇੱਕ ਲੜਕੀ ਨੂੰ ਵਰਗਲਾ ਕੇ ਅਸ਼ਲੀਲ ਹਰਕਤਾਂ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਲੜਕੀ ਵਾਰ-ਵਾਰ ਉਸਨੂੰ ਕਹਿ ਰਹੀ ਹੈ ਕਿ ਉਸਦੀ ਮਾਂ ਆਵੇਗੀ, ਇਹ ਗਲਤ ਹੈ, ਕਿਰਪਾ ਕਰਕੇ ਅਜਿਹਾ ਨਾ ਕਰੋ। ਪਰ ਮੁਹੰਮਦ ਯੂਨਸ ਉਸ ਦੀ ਗੱਲ ਨਹੀਂ ਸੁਣਦਾ। ਉਹ ਲੜਕੀ ਨੂੰ ਵਾਰ-ਵਾਰ ਕਹਿੰਦਾ ਹੈ ਕਿ ਇਹ ਆਖਰੀ ਵਾਰ ਹੈ। ਹਾਲਾਂਕਿ ਇਹ ਵਾਇਰਲ ਵੀਡੀਓ ਕਿਸ ਹੱਦ ਤੱਕ ਸੱਚ ਹੈ, ਇਸ ਦੀ ਪੁਸ਼ਟੀ ਨਹੀਂ ਹੋ ਸਕੀ ਹੈ।

# ਸ਼ੰਭੂ ਬਾਰਡਰ ਖੋਲ੍ਹਣ ਨੂੰ ਲੈ ਕੇ ਮੀਟਿੰਗ ਰਹੀ ਬੇਸਿੱਟਾ: ਕਿਸਾਨਾਂ ਨੇ ਸੁਪਰੀਮ ਕੋਰਟ ਦੀ ਕਮੇਟੀ ਅੱਗੇ ਰੱਖੀਆਂ 12 ਮੰਗਾਂ

ਚੰਡੀਗੜ੍ਹ-(ਲੋਕ ਬਾਣੀ) ਫਰਵਰੀ ਮਹੀਨੇ ਤੋਂ ਪੰਜਾਬ-ਹਰਿਆਣਾ ਦੀ ਸ਼ੰਭੂ ਸਰਹੱਦ ਤੇ ਬੈਠੇ ਕਿਸਾਨਾਂ ਦੀਆਂ ਮੰਗਾਂ ਤੇ ਵਿਚਾਰ ਕਰਨ ਲਈ ਸੋਮਵਾਰ (4 ਨਵੰਬਰ) ਨੂੰ ਚੰਡੀਗੜ੍ਹ ਸਥਿਤ ਹਰਿਆਣਾ ਭਵਨ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਸੇਵਾਮੁਕਤ ਜਸਟਿਸ ਨਵਾਬ ਸਿੰਘ ਨੇ ਕੀਤੀ। ਕਿਸਾਨ ਲਹਿਰ ਦੇ ਪ੍ਰਮੁੱਖ ਚਿਹਰੇ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਅਤੇ ਜਗਜੀਤ ਸਿੰਘ ਡੱਲੇਵਾਲ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਏ।
ਪੰਧੇਰ ਨੇ ਮੀਟਿੰਗ ਵਿੱਚ ਆਉਣ ਤੋਂ ਇਨਕਾਰ ਕਰ ਦਿੱਤਾ ਸੀ। ਡੱਲੇਵਾਲ ਦੀ ਸਿਹਤ ਖ਼ਰਾਬ ਹੋਣ ਕਾਰਨ ਉਨ੍ਹਾਂ ਦੇ ਮੈਂਬਰਾਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ। ਕਿਸਾਨਾਂ ਨੇ ਸੁਪਰੀਮ ਕੋਰਟ ਵੱਲੋਂ ਬਣਾਈ ਕਮੇਟੀ ਅੱਗੇ ਆਪਣੀਆਂ 12 ਮੰਗਾਂ ਪੇਸ਼ ਕੀਤੀਆਂ। ਕਿਸਾਨਾਂ ਨੇ ਸਪੱਸ਼ਟ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ। ਮੀਡੀਆ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਉਹ ਆਉਣ ਵਾਲੇ ਸੰਸਦ ਸੈਸ਼ਨ ਤੋਂ ਭੁੱਖ ਹੜਤਾਲ ਸ਼ੁਰੂ ਕਰਨਗੇ।



ਮੀਟਿੰਗ ਵਿੱਚ ਜਸਟਿਸ ਨਵਾਬ ਸਿੰਘ ਤੋਂ ਇਲਾਵਾ ਸਾਬਕਾ, ਆਈ.ਪੀ.ਐਸ ਅਧਿਕਾਰੀ ਪੀ.ਐਸ.ਸੰਧੂ, ਗੁਰੂ ਨਾਨਕ ਯੂਨੀਵਰਸਿਟੀ ਅੰਮ੍ਰਿਤਸਰ ਦੇ ਪ੍ਰੋਫੈਸਰ ਦੇਵੇਂਦਰ ਸ਼ਰਮਾ, ਖੇਤੀਬਾੜੀ ਅਤੇ ਆਰਥਿਕ ਮਾਹਿਰ ਰਣਜੀਤ ਸਿੰਘ, ਡਾ: ਸੁਖਪਾਲ ਸਿੰਘ, ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਬੀ.ਆਰ.ਕੰਬੋਜ, ਹਰਿਆਣਾ ਅਤੇ ਪੰਜਾਬ ਦੇ ਮੁੱਖ ਸਕੱਤਰ ਅਤੇ ਡੀ.ਜੀ.ਪੀ. ਸ਼ਾਮਲ ਹੋਏ ਹਨ।

# DC ਹੋਏ ਸਖਤ ! ਪਰਾਲੀ ਦੀਆਂ ਘਟਨਾਵਾਂ ਨੂੰ ਲੈ ਕੇ SDM, BDPO ਤੇ 2 SHO. ਵਿਰੁੱਧ ਪੜ੍ਹੋ ਕੀ ਕਾਰਵਾਈ ਕੀਤੀ ?

ਮੋਗਾ, 3(ਲੋਕ ਬਾਣੀ) - ਜ਼ਿਲ੍ਹਾ ਮੋਗਾ ਵਿੱਚ ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਰੋਕਣ ਲਈ ਡਿਪਟੀ ਕਮਿਸ਼ਨ ਵਿਸ਼ੇਸ਼ ਸਾਰੰਗਲ ਨੇ ਬਹੁਤ ਹੀ ਸਖ਼ਤ ਰੁਖ਼ ਅਖ਼ਤਿਆਰ ਕੀਤਾ ਹੈ। ਇਸ ਦਿਸ਼ਾ ਵਿੱਚ ਜ਼ੀਰੋ ਟੌਲਰੈਂਸ ਦੀ ਨੀਤੀ ਉੱਤੇ ਕਾਇਮ ਰਹਿੰਦਿਆਂ ਜਿੱਥੇ ਨੋਡਲ ਅਫ਼ਸਰਾਂ, ਕਲੱਸਟਰ ਅਫ਼ਸਰਾਂ ਅਤੇ ਐਸ ਐਚ ਓ ਪੱਧਰ ਦੇ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਹਨ ਉਥੇ ਹੀ ਪੀ ਸੀ ਐਸ ਪੱਧਰ ਅਤੇ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਪੱਧਰ ਦੇ ਅਧਿਕਾਰੀਆਂ ਨੂੰ ਵੀ ਨਹੀਂ ਬਖ਼ਸ਼ਿਆ ਗਿਆ ਹੈ।
ਡਿਪਟੀ ਕਮਿਸ਼ਨਰ ਮੋਗਾ ਸ਼੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਲੁਧਿਆਣਾ ਵੱਲੋਂ ਜ਼ਿਲ੍ਹਾ ਮੋਗਾ ਵਿੱਚ ਹੁਣ ਤੱਕ 105 ਕੇਸ ਦਰਜ ਕੀਤੇ ਗਏ ਹਨ, ਜਿਨਾਂ ਦੇ ਵਿੱਚੋਂ 87 ਕੇਸ ਅੱਗ ਲੱਗਣ ਦੇ ਹਨ ਅਤੇ 18 ਕੇਸ ਅੱਗ ਲੱਗਣ ਦੇ ਨਹੀਂ ਪਾਏ ਗਏ ਹਨ। ਉਹਨਾਂ ਦੱਸਿਆ ਕਿ ਇਸ ਸਬੰਧੀ 61 ਵਿਅਕਤੀਆਂ ਦੇ ਵਿਰੁੱਧ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ ਅਤੇ ਉਨ੍ਹਾਂ ਦੇ ਮਾਲ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਸਬੰਧਤ ਕਿਸਾਨਾਂ ਨੂੰ ਬਣਦਾ ਜੁਰਮਾਨਾ 1 ਲੱਖ 72 ਹਜਾਰ 500 ਰੁਪਏ ਵੀ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕੁਝ ਅਧਿਕਾਰੀਆਂ, ਜਿਨ੍ਹਾਂ ਦੇ ਏਰੀਏ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਾਪਰੀਆਂ ਹਨ, ਉਨ੍ਹਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ।
ਇਹਨਾਂ ਅਧਿਕਾਰੀਆਂ ਵਿੱਚ ਐਸ ਡੀ ਐਮ ਮੋਗਾ ਸ੍ਰ. ਸਾਰੰਗਪ੍ਰੀਤ ਸਿੰਘ ਔਜਲਾ, ਐਸ ਡੀ ਐਮ ਬਾਘਾਪੁਰਾਣਾ ਬੇਅੰਤ ਸਿੰਘ ਸਿੱਧੂ, ਬੀ ਡੀ ਪੀ ਓ ਨਿਹਾਲ ਸਿੰਘ ਵਾਲਾ ਸ਼੍ਰੀਮਤੀ ਰੁਪਿੰਦਰ ਕੌਰ, ਜਸਵਰਿੰਦਰ ਸਿੰਘ ਐਸ.ਐਚ. ਓ ਬਾਘਾਪੁਰਾਣਾ, ਜਤਿੰਦਰ ਸਿੰਘ ਐਸ.ਐਚ. ਓ ਧਰਮਕੋਟ, ਕਲੱਸਟਰ ਅਫ਼ਸਰ ਸੁਖਵਿੰਦਰ ਸਿੰਘ ਤਹਿਸੀਲ ਮੋਗਾ,ਕਲੱਸਟਰ ਅਫ਼ਸਰ ਮਨਮੋਹਨ ਸਿੰਘ ਤਹਿਸੀਲ ਮੋਗਾ, ਨੋਡਲ ਅਫ਼ਸਰ ਪ੍ਰਭਦੀਪ ਸਿੰਘ ਪਿੰਡ ਭਿੰਡਰ ਕਲਾਂ ਤਹਿਸੀਲ ਧਰਮਕੋਟ, ਨੋਡਲ ਅਫ਼ਸਰ ਰਕੇਸ਼ ਕੁਮਾਰ ਪਿੰਡ ਉਮਰਪੁਰਾ ਤਹਿਸੀਲ ਧਰਮਕੋਟ, ਨੋਡਲ ਅਫ਼ਸਰ ਰਕੇਸ਼ ਕੁਮਾਰ ਪਿੰਡ ਕਿਸ਼ਨਪੁਰਾ ਕਲਾਂ ਤਹਿਸੀਲ ਧਰਮਕੋਟ, ਨੋਡਲ ਅਫ਼ਸਰ ਸੰਜੀਵਨ ਕੁਮਾਰ ਪਿੰਡ ਗਿੱਲ ਤਹਿਸੀਲ ਬਾਘਾਪੁਰਾਣਾ, ਨੋਡਲ ਅਫ਼ਸਰ ਪਰਗਟਜੀਤ ਸਿੰਘ



ਪਿੰਡ ਕਿਸ਼ਨਪੁਰਾ ਕਲਾਂ ਤਹਿਸੀਲ ਧਰਮਕੋਟ, ਨੋਡਲ ਅਫ਼ਸਰ ਬਲਵਿੰਦਰ ਸਿੰਘ ਤਹਿਸੀਲ ਨਿਹਾਲ ਸਿੰਘ ਵਾਲਾ, ਨੋਡਲ ਅਫ਼ਸਰ ਦਵਿੰਦਰ ਸਿੰਘ ਤਹਿਸੀਲ ਨਿਹਾਲ ਸਿੰਘ ਵਾਲਾ, ਨੋਡਲ ਅਫ਼ਸਰ ਤਹਿਸੀਲ ਮੋਗਾ ਜਗਸੀਰ ਸਿੰਘ ਸ਼ਾਮਿਲ ਹਨ। ਇਥੋਂ ਤੱਕ ਕਿ ਇਕ ਅਧਿਕਾਰੀ ਨੋਡਲ ਅਫ਼ਸਰ ਪਰਗਟਜੀਤ ਸਿੰਘ ਪਿੰਡ ਕਿਸ਼ਨਪੁਰਾ ਕਲਾਂ ਤਹਿਸੀਲ ਧਰਮਕੋਟ ਦੇ ਖਿਲਾਫ ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ ਇਨ ਨੈਸ਼ਨਲ ਕੈਪੀਟਲ ਐਂਡ ਐਡਜੁਆਇੰਨਿੰਗ ਏਰੀਆਜ਼ ਐਕਟ ਦੀ ਧਾਰਾ 14(1) ਅਧੀਨ ਕਾਰਵਾਈ ਲਈ ਸੀ ਜੇ ਐਮ ਮੋਗਾ ਦੀ ਅਦਾਲਤ ਵਿੱਚ ਮਾਮਲਾ ਦਾਇਰ ਕਰ ਦਿੱਤਾ ਗਿਆ ਹੈ। ਇਸ ਮਾਮਲੇ ਅਧੀਨ ਦੋਸ਼ੀ ਪਏ ਜਾਣ ਉੱਤੇ ਦੋਸ਼ੀ ਨੂੰ ਇਕ ਕਰੋੜ ਰੁਪਏ ਜੁਰਮਾਨਾ ਅਤੇ 5 ਸਾਲ ਕੈਦ ਜਾਂ ਫਿਰ ਦੋਵੇਂ ਵੀ ਹੋ ਸਕਦੇ ਹਨ।
ਉਹਨਾਂ ਕਿਹਾ ਕਿ ਮੋਗਾ ਜ਼ਿਲ੍ਹੇ ਵਿੱਚ ਨੈਸ਼ਨਲ ਗਰੀਨ ਟ੍ਰਿਬਿਊਨਲ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਜੰਗੀ ਪੱਧਰ ਤੇ ਕਾਰਜ ਕੀਤੇ ਜਾ ਰਹੇ ਹਨ ਤੇ ਟੀਮਾਂ ਲਗਾਤਾਰ ਦਿਨ ਰਾਤ ਪਿੰਡਾਂ ਦੇ ਵਿੱਚ ਰਹਿੰਦੀਆਂ ਹਨ। ਇਹਨਾਂ ਟੀਮਾਂ ਤੋਂ ਇਲਾਵਾ ਉਹ ਖੁਦ ਤੇ ਐਸ.ਐਸ.ਪੀ ਸ਼੍ਰੀ ਅਜੈ ਗਾਂਧੀ ਵਲੋਂ ਵੀ ਫੀਲਡ ਵਿੱਚ ਜਾ ਕੇ ਅੱਗ ਲੱਗਣ ਦੀਆਂ ਘਟਨਾਵਾਂ ਉਤੇ ਨਿਗਾਹ ਰੱਖੀ ਜਾ ਰਹੀ ਹੈ।
ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੂਰੇ ਜ਼ਿਲ੍ਹਾ ਮੋਗਾ ਵਿੱਚ ਜਿੱਥੇ ਜਾਗਰੂਕਤਾ ਮੁਹਿੰਮ ਜੰਗੀ ਪੱਧਰ ਤੇ ਜਾਰੀ ਹੈ, ਉੱਥੇ ਹੀ ਪਰਾਲੀ ਨੂੰ ਅੱਗ ਲਗਾਉਣ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਦੇ ਚਾਲਾਨ ਕੱਟੇ ਜਾ ਰਹੇ ਹਨ ।ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਵਾਤਾਵਰਨ ਦੀ ਸੰਭਾਲ ਅਤੇ ਪਰਾਲੀ ਨੂੰ ਜ਼ਮੀਨ ਵਿੱਚ ਮਿਲਾਉਣ ਦੇ ਫਾਇਦਿਆਂ ਬਾਰੇ ਵੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।
ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਪੰਚਾਇਤਾਂ, ਸਹਿਕਾਰੀ ਸਭਾਵਾਂ ਤੇ ਨਿੱਜੀ ਵਿਅਕਤੀਆਂ ਨੂੰ 7401 ਖੇਤੀ ਮਸ਼ੀਨਰੀ ਸਬਸਿਡੀ ਤੇ ਮੁਹੱਈਆ ਕਰਵਾਈ ਗਈ ਹੈ ਅਤੇ ਇਸ ਸਮੇਂ ਖੇਤੀ ਮਸ਼ੀਨਰੀ ਦੀ ਉਪਲੱਬਧਤਾ ਸਬੰਧੀ ਪਿੰਡ ਪੱਧਰ ਤੇ ਲਿਸਟਾਂ ਮੁਹੱਈਆਂ ਕਰਵਾਈਆਂ ਗਈਆਂ ਹਨ ਅਤੇ ਕਿਊ. ਆਰ. ਕੋਡ ਵੀ ਜਾਰੀ ਕੀਤਾ ਗਿਆ ਹੈ। ਕੋਈ ਵੀ ਲੋੜਵੰਦ ਇਹ ਮਸ਼ੀਨਰੀ ਪਰਾਲੀ ਨੂੰ ਸਾਂਭਣ ਲਈ ਵਰਤ ਸਕਦਾ ਹੈ।
ਉਨ੍ਹਾਂ ਅੱਗੇ ਦੱਸਿਆ ਕਿ ਝੋਨੇ ਦੇ ਸੀਜ਼ਨ ਦੌਰਾਨ ਜ਼ਿਲ੍ਹਾ ਮੋਗਾ ਦੇ ਸਮੂਹ ਪਿੰਡਾਂ ਲਈ 23 ਕਲੱਸਟਰ ਅਫਸਰਾਂ ਦੀ ਨਿਗਰਾਨੀ ਹੇਠ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਜਾਗਰੂਕਤਾ ਮੁਹਿੰਮ/ਕਾਰਵਾਈ ਲਈ 146 ਨੋਡਲ ਅਧਿਕਾਰੀ ਲਗਾਏ ਗਏ ਹਨ, ਜੋ ਕਿਤੇ ਵੀ ਅੱਗ ਲੱਗਣ ਦੀ ਘਟਨਾ ਦਾ ਪਤਾ ਲੱਗਣ ਤੇ ਤੁਰੰਤ ਕਾਰਵਾਈ ਅਮਲ ਵਿੱਚ ਲਿਆ ਰਹੇ ਹਨ। ਉਨ੍ਹਾਂ ਕਿਹਾ ਕਿ ਹਾਰਵੈਸਟ ਕੰਬਾਇਨਾਂ ਲਈ ਸੁਪਰ ਐਸ.ਐਮ.ਐਸ ਤਕਨੀਕ ਲਾਜਮੀ ਕੀਤਾ ਗਿਆ ਹੈ।
ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਸਾਰੀਆਂ ਕੰਬਾਈਨਾਂ ਨੂੰ ਸੁਪਰ ਐਸਐਮਐਸ ਨਾਲ ਲਗਾ ਕੇ ਕਟਾਈ ਕਰਨ ਲਈ ਕਿਹਾ ਗਿਆ ਹੈ ਤੇ ਚੈਕਿੰਗ ਦੌਰਾਨ ਹਾਲੇ ਤੱਕ ਕੋਈ ਵੀ ਮਸ਼ੀਨ ਬਿਨ੍ਹਾਂ ਸੁਪਰ ਐਸਐਮਐਸ ਤੋਂ ਨਹੀਂ ਪਾਈ ਗਈ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਦੀ ਪਰਾਲੀ ਪ੍ਰਬੰਧਨ ਲਈ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਹਰੇਕ ਪ੍ਰਕਾਰ ਦੀ ਮੱਦਦ ਕਰ ਰਹੇ ਹਨ ਪ੍ਰੰਤੂ ਫਿਰ ਵੀ ਕਈ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਗਾਈ ਜਾ ਰਹੀ ਹੈ ਇਹਨਾਂ ਕਿਸਾਨਾਂ ਉਪਰ ਸਬੰਧਤ ਟੀਮਾਂ ਕਾਰਵਾਈ ਵੀ ਕਰ ਰਹੀਆਂ ਹਨ। ਉਹਨਾਂ ਦੱਸਿਆ ਕਿ ਕਿਸਾਨ ਕਿਸੇ ਵੀ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ। ਜਿਹੜੇ ਵੀ ਕਿਸਾਨ ਵੱਲੋਂ ਨਾੜ/ਪਰਾਲੀ ਨੂੰ ਅੱਗ ਲਗਾਈ ਜਾਂਦੀ ਹੈ ਉਹਨਾਂ ਦੀ ਜਮੀਨ ਦੀ ਗਿਰਦਾਵਰੀ ਵਿੱਚ ਸੁਰਖ ਅੱਖਰਾਂ ਵਿੱਚ ਇੰਦਰਾਜ ਕੀਤੇ ਜਾ ਰਹੇ ਹਨ ਅਤੇ ਚਲਾਨ ਕੱਟ ਕੇ ਜੁਰਮਾਨੇ ਪਾਏ ਜਾ ਰਹੇ ਹਨ।

# ਲੁਧਿਆਣਾ ਚ ਡਰੱਗ ਤਸਕਰਾਂ ਦੀ ਮਦਦ ਕਰਨ ਦੇ ਦੋਸ਼ ਚ STF ਦਾ ਇੰਚਾਰਜ ਗ੍ਰਿਫ਼ਤਾਰ



ਲੁਧਿਆਣਾ (ਲੋਕ ਬਾਣੀ)- ਪੰਜਾਬ ਦੇ ਲੁਧਿਆਣਾ ਵਿੱਚ ਅੱਜ ਇੱਕ STF ਦੇ ਸਬ-ਇੰਸਪੈਕਟਰ ਤੇ ਨਸ਼ਾ ਤਸਕਰਾਂ ਨੂੰ ਛੱਡਣ ਦੇ ਗੰਭੀਰ ਦੋਸ਼ ਲੱਗੇ ਹਨ। ਚਰਚਾ ਹੈ ਕਿ ਉਕਤ ਸਬ-ਇੰਸਪੈਕਟਰ ਨੇ ਨਸ਼ਾ ਤਸਕਰਾਂ ਤੋਂ ਮੋਟੀ ਰਕਮ ਲੈ ਕੇ ਉਨ੍ਹਾਂ ਨੂੰ ਛੱਡ ਦਿੱਤਾ ਸੀ। ਫਿਲਹਾਲ ਪੁਲਸ ਨੇ ਇਸ ਮਾਮਲੇ ਚ ਸਬ-ਇੰਸਪੈਕਟਰ ਨੂੰ ਗ੍ਰਿਫਤਾਰ ਕਰ ਲਿਆ ਹੈ। ਮਾਮਲੇ ਦੀ ਜਾਂਚ ਦੀ ਪ੍ਰਕਿਰਿਆ ਜਾਰੀ ਹੈ। ਸਬ-ਇੰਸਪੈਕਟਰ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ। ਐਸਟੀਐਫ ਦੇ ਇੰਚਾਰਜ ਸਬ ਇੰਸਪੈਕਟਰ ਗੁਰਮੀਤ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਗੁਰਪ੍ਰੀਤ ਸਿੰਘ ਦਾ ਅੱਜ ਸਿਵਲ ਹਸਪਤਾਲ ਵਿਖੇ ਮੈਡੀਕਲ ਕਰਵਾਇਆ ਗਿਆ। ਉਧਰ ਸਬ-ਇੰਸਪੈਕਟਰ ਗੁਰਮੀਤ ਸਿੰਘ ਨੇ ਪੱਤਰਕਾਰਾਂ ਸਾਹਮਣੇ ਡੀਐਸਪੀ ਵਿਰਕ ਦਾ ਨਾਂ ਲੈਂਦਿਆਂ ਕਿਹਾ ਕਿ ਉਨ੍ਹਾਂ ਨੇ ਮੁਲਜ਼ਮਾਂ ਨੂੰ ਛੱਡਿਆ ਹੈ, ਮੈ ਨਹੀਂ।

# ਪਰਾਲੀ ਸਾੜਨ ਨੂੰ ਲੈ ਕੇ SC ਚ ਸੁਣਵਾਈ, ਪੰਜਾਬ-ਹਰਿਆਣਾ ਨੂੰ 10 ਦਿਨਾਂ ਦਾ ਡਾਟਾ ਦੇਣ ਦੇ ਦਿੱਤੇ ਹੁਕਮ



ਨਵੀਂ ਦਿੱਲੀ-(ਲੋਕ ਬਾਣੀ) ਦਿੱਲੀ ਵਿੱਚ ਪ੍ਰਦੂਸ਼ਣ ਅਤੇ ਪਰਾਲੀ ਸਾੜਨ ਦੇ ਮਾਮਲੇ ਵਿੱਚ ਅੱਜ (ਸੋਮਵਾਰ) ਸੁਪਰੀਮ ਕੋਰਟ ਵਿੱਚ ਸੁਣਵਾਈ ਹੋਈ। ਜਿਸ ਵਿੱਚ ਪੰਜਾਬ ਅਤੇ ਹਰਿਆਣਾ ਸਰਕਾਰ ਨੂੰ 10 ਦਿਨਾਂ ਦਾ ਡਾਟਾ ਹਲਫੀਆ ਬਿਆਨ ਸਮੇਤ ਅਗਲੀ ਤਰੀਕ ਤੇ ਦੇਣ ਲਈ ਕਿਹਾ ਗਿਆ ਹੈ। ਅੱਜ ਜਸਟਿਸ ਅਭੈ ਓਕਾ ਅਤੇ ਜਸਟਿਸ ਆਗਸਟੀਨ ਜਾਰਜ ਮਸੀਹ ਨੇ ਇਸ ਮਾਮਲੇ ਦੀ ਸੁਣਵਾਈ ਕੀਤੀ। ਸੁਣਵਾਈ ਤੋਂ ਬਾਅਦ ਮਾਮਲੇ ਦੀ ਅਗਲੀ ਤਰੀਕ 14 ਨਵੰਬਰ ਤੈਅ ਕੀਤੀ ਗਈ ਹੈ।
ਸੁਣਵਾਈ ਦੌਰਾਨ ਪੰਜਾਬ ਸਰਕਾਰ ਨੇ ਕੇਂਦਰ ਨੂੰ ਪਰਾਲੀ ਸਾੜਨ ਤੋਂ ਰੋਕਣ ਅਤੇ ਪ੍ਰਦੂਸ਼ਣ ਕੰਟਰੋਲ ਲਈ ਫੰਡਾਂ ਲਈ ਅਰਜ਼ੀ ਦੇਣ ਲਈ ਕਿਹਾ। ਜਿਸ ਤੇ ਜਸਟਿਸ ਓਕਾ ਨੇ ਭਾਰਤ ਸਰਕਾਰ ਨੂੰ ਇਕ ਹਫਤੇ ਚ ਇਸ ਤੇ ਫੈਸਲਾ ਲੈਣ ਦੇ ਹੁਕਮ ਦਿੱਤੇ ਹਨ। ਇਸ ਦੇ ਨਾਲ ਹੀ ਹੁਕਮ ਦਿੱਤਾ ਗਿਆ ਹੈ ਕਿ ਪੰਜਾਬ ਅਤੇ ਹਰਿਆਣਾ ਰਾਜਾਂ ਨੂੰ ਪਿਛਲੇ 10 ਦਿਨਾਂ ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਦੇ ਵੇਰਵੇ ਪੇਸ਼ ਕਰਨ ਲਈ ਹਲਫੀਆ ਬਿਆਨ ਦਾਇਰ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ।

# 2 ਰੋਜ਼ਾ '9ਵਾਂ ਖ਼ਾਲਸਾ ਕਾਲਜ ਯੂਥ ਫੈਸਟੀਵਲ-2024' ਅਭੁੱਲ ਯਾਦਾਂ ਛੱਡਦਾ ਹੋਇਆ ਸੰਪੰਨ




ਅੰਮ੍ਰਿਤਸਰ, (ਲੋਕ ਬਾਣੀ) —ਮੇਜ਼ਬਾਨ ਖ਼ਾਲਸਾ ਕਾਲਜ ਫ਼ਾਰ ਵੂਮੈਨ ਵਿਖੇ 3 ਨਵੰਬਰ ਤੋਂ ਸ਼ੁਰੂ ਹੋਏ 2 ਰੋਜ਼ਾ '9ਵੇਂ ਖ਼ਾਲਸਾ ਕਾਲਜਿਜ਼ ਯੂਥ ਫੈਸਟੀਵਲ-2024' ਮੌਕੇ ਉਚੇਚੇ ਤੌਰ 'ਤੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜਾਈ ਕਰਨ ਅਤੇ ਓਵਰ ਆਲ ਟਰਾਫ਼ੀ 'ਤੇ ਕਬਜ਼ਾ ਕਰਨ ਵਾਲੀਆਂ ਸੰਸਥਾਵਾਂ ਖ਼ਾਲਸਾ ਕਾਲਜ, ਅੰਮ੍ਰਿਤਸਰ ਅਤੇ ਖ਼ਾਲਸਾ ਕਾਲਜ ਫ਼ਾਰ ਵੂਮੈਨ ਦੀਆਂ ਟੀਮਾਂ ਨੂੰ ਟਰਾਫ਼ੀ ਭੇਂਟ ਕਰਨ ਲਈ ਪੁੱਜੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ: ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਿਹਾ ਕਿ ਸਕੂਲ ਅਤੇ ਕਾਲਜ ਅਜਿਹੇ ਮਹੱਤਵਪੂਰਨ ਸਥਾਨ ਹਨ, ਜੋ ਬੱਚਿਆਂ 'ਚ ਲੁਕੀ ਹੋਈ ਕਾਬਲੀਅਤ ਨੂੰ ਉਜਾਗਰ ਕਰਨ ਲਈ ਕਲਾ ਮੰਚ ਪ੍ਰਦਾਨ ਕਰਕੇ ਬਹੁਤ ਹੀ ਖਾਸ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲਿਆਂ ਨਾਲ ਉਨ੍ਹਾਂ ਦੇ ਹੁਨਰ ਨੂੰ ਚਾਰ ਚੰਦ ਤਾਂ ਲੱਗਦਾ ਹੀ ਹੈ, ਇਸ ਦੇ ਨਾਲ ਹੀ ਉਨ੍ਹਾਂ ਨੂੰ ਆਪਣੀ ਪ੍ਰਤਿਭਾ 'ਚ ਨਿਖਾਰ ਲਿਆਉਣ ਲਈ ਜਦੋਂ-ਜਹਿਦ ਅਤੇ ਅਨੁਸ਼ਾਸ਼ਨ ਸਬੰਧੀ ਪ੍ਰੇਰਣਾ ਵੀ ਮਿਲਦੀ ਹੈ।

ਉਕਤ 2 ਰੋਜ਼ਾ ਫ਼ੈਸਟੀਵਲ ਦਾ ਅਗਾਜ਼ ਖ਼ਾਲਸਾ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਮਹਿਲ ਸਿੰਘ ਦੁਆਰਾ ਕੀਤਾ ਗਿਆ, ਜਿਸ ਦੌਰਾਨ ਉਕਤ ਮੁਕਾਬਲਿਆਂ 'ਚ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਫ਼ਸਟ ਰਨਰਅੱਪ ਅਤੇ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਸੈਕਿੰਡ ਰਨਰਅੱਪ ਰਿਹਾ। ਗਵਰਨਿੰਗ ਕੌਂਸਲ ਅਧੀਨ 12 ਕਾਲਜਾਂ ਤੋਂ ਸੈਂਕੜੇ ਵਿਦਿਆਰਥੀਆਂ ਨੇ ਫ਼ੈਸਟੀਵਲ 'ਚ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਜ਼ਿਕਰਯੋਗ ਹੈ ਕਿ ਉਕਤ ਓਵਰ ਆਲ ਟਰਾਫ਼ੀ ਸਬੰਧੀ ਦੋਵਾਂ ਸੰਸਥਾਵਾਂ ਦੀਆਂ ਟੀਮਾਂ ਦੀ ਕਾਰਗੁਜ਼ਾਰੀ ਬਰਾਬਰ ਹੋਣ ਕਾਰਨ ਜੇਤੂ ਐਲਾਨਿਆ ਗਿਆ।

ਇਸ ਮੌਕੇ ਸ: ਛੀਨਾ ਨੇ ਕੌਂਸਲ ਦੇ ਜੁਆਇੰਟ ਸਕੱਤਰ ਸ: ਪਰਮਜੀਤ ਸਿੰਘ ਬੱਲ, ਸ: ਸੰਤੋਖ ਸਿੰਘ ਸੇਠੀ ਅਤੇ 'ਵਰਸਿਟੀ ਦੇ ਅਕਾਦਮਿਕ ਡੀਨ ਤੇ ਪ੍ਰਿੰਸੀਪਲ: ਡਾ. ਸੁਰਿੰਦਰ ਕੌਰ ਨਾਲ ਮਿਲ ਕੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਵਿਦਿਆਰਥੀਆਂ ਨੂੰ ਜਿੱਥੇ ਅਜਿਹੇ ਪ੍ਰੋਗਰਾਮਾਂ ਦਾ ਹਿੱਸਾ ਬਣਨ ਲਈ ਉਤਸ਼ਾਹਿਤ ਕੀਤਾ, ਉਥੇ ਉਨ੍ਹਾਂ ਨੂੰ ਵਿੱਦਿਅਕ ਖੇਤਰ 'ਚ ਸ਼ਲਾਘਾਯੋਗ ਉਪਲਬੱਧੀਆਂ ਹਾਸਲ ਕਰਨ ਲਈ ਹੱਲ੍ਹਾਸ਼ੇਰੀ ਦਿੱਤੀ। ਉਨ੍ਹਾਂ ਕਿਹਾ ਕਿ ਅਦਾਰਿਆਂ 'ਚ ਸਮੇਂ ਮੁਤਾਬਕ ਵਿਦਿਆਰਥੀਆਂ ਦੀ ਕਲਾ ਦੀ ਪਰਖ ਲਈ ਅਜਿਹੀਆਂ ਪ੍ਰਤੀਯੋਗਤਾਵਾਂ ਅਤਿ ਲੋੜੀਂਦੀਆਂ ਹਨ।

2 ਰੋਜ਼ਾ ਫੈਸਟੀਵਲ ਦੌਰਾਨ ਵਿਦਿਆਰਥੀਆਂ ਨੇ ਸ਼ਬਦ ਗਾਇਨ, ਭਜਨ, ਕਵੀਸ਼ਰੀ, ਗੀਤ-ਗਜ਼ਲ, ਗਰੁੱਪ ਸਾਂਗ, ਲੋਕ-ਗੀਤ, ਫੈਂਸੀ ਡਰੈੱਸ (ਪੰਜਾਬੀ ਪਹਿਰਾਵਾ), ਮਿਮਿਕਰੀ, ਮੋਨੋ ਐਕਟਿੰਗ, ਸਕਿੱਟ, ਰੰਗੋਲੀ, ਕਵਿਤਾ, ਮਹਿੰਦੀ, ਫੁਲਕਾਰੀ, ਡਿਬੇਟ, ਕੁਇਜ਼, ਪੇਂਟਿੰਗ ਆਨ ਦਾ ਸਪੋਟ, ਪੋਸਟਰ ਮੇਕਿੰਗ, ਕਾਰਟੂਨਿੰਗ, ਕਲਾਜ, ਕਲੇਅ ਮਾਡਲਿੰਗ, ਫੋਟੋਗ੍ਰਾਫ਼ੀ ਅਤੇ ਇੰਸਟਾਲੇਸ਼ਨ ਦੀ ਪੇਸ਼ਕਾਰੀ ਦਿੱਤੀ। ਇਸ ਤੋਂ ਇਲਾਵਾ ਭੰਗੜਾ, ਗਿੱਧਾ, ਰਿਜ਼ਨਲ ਡਾਂਸ, ਕੁਇੱਜ਼ ਫਾਈਨਲ, ਐਕਸ਼ਨ ਸਾਂਗ ਆਦਿ 'ਚ ਵੀ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। 2 ਰੋਜ਼ਾ ਪ੍ਰੋਗਰਾਮ ਦੌਰਾਨ ਜੱਜ ਸਾਹਿਬਾਨਾਂ ਦੀ ਭੂਮਿਕਾ ਡਾ. ਰਵੀਜੋਤ ਕੌਰ, ਡਾ. ਸ਼ਿਵਾਨੀ, ਪ੍ਰੋ: ਵੀਨਸ, ਸ੍ਰੀ ਬ੍ਰਿਜੇਸ਼ ਜੌਲੀ, ਸ: ਕੁਲਵੰਤ ਸਿੰਘ ਗਿੱਲ, ਸ: ਕੁਲਦੀਪ ਸਿੰਘ, ਸ੍ਰੀ ਵਿਪਨ ਧਵਨ, ਸ੍ਰੀ ਅਮਨ ਬੱਲ, ਸ੍ਰੀ ਕ੍ਰਾਂਤੀਪਾਲ, ਸ੍ਰੀਮਤੀ ਮਾਨਸੀ, ਡਾ. ਪਰਮਜੀਤ ਕੌਰ ਅਤੇ ਡਾ. ਹਰਜੀਤ ਸਿੰਘ ਆਦਿ ਵੱਲੋਂ ਨਿਭਾਈ ਗਈ।

# ਵਿਧਾਇਕਾ ਜੀਵਨਜੋਤ ਕੌਰ ਅਤੇ ਡਿਪਟੀ ਕਮਿਸ਼ਨਰ ਨੇ ਸਾਫ਼ ਸਫ਼ਾਈ ਦੇ ਪ੍ਰਬੰਧਾਂ ਨੂੰ ਲੈ ਕੇ ਵੱਲ੍ਹਾ ਮੰਡੀ ਦਾ ਕੀਤਾ ਦੌਰਾ



ਅੰਮ੍ਰਿਤਸਰ-(ਲੋਕ ਬਾਣੀ) ਹਲਕਾ ਪੂਰਬੀ ਦੀ ਵਿਧਾਇਕਾ ਜੀਵਨਜੋਤ ਕੌਰ ਅਤੇ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਵਲੋਂ ਸਾਫ਼ ਸਫ਼ਾਈ ਦੇ ਪ੍ਰਬੰਧਾਂ ਨੂੰ ਲੈ ਕੇ ਵੱਲ੍ਹਾ ਮੰਡੀ ਦਾ ਦੌਰਾ ਕੀਤਾ। ਇਸ ਮੌਕੇ ਉਨਾਂ ਦੇ ਨਾਲ ਜਿਲ੍ਹਾ ਮੰਡੀ ਅਫ਼ਸਰ ਅਮਨਦੀਪ ਸਿੰਘ, ਨਗਰ ਨਿਗਮ ਦੇ ਸਿਹਤ ਅਫ਼ਸਰ ਡਾ. ਕਿਰਨ ਕੁਮਾਰ, ਤਹਿਸੀਲਦਾਰ ਡਾ. ਰਾਜਵਿੰਦਰ ਕੌਰ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਵਿਧਾਇਕਾ ਜੀਵਨਜੋਤ ਕੌਰ ਨੇ ਮੰਡੀ ਵਿਖੇ ਲੱਗੇ ਕੂੜੇ ਦੇ ਢੇਰ ਨੂੰ ਦੇਖ ਕੇ ਸਬੰਧਤ ਅਧਿਕਾਰੀਆਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਮੰਡੀ ਵਿੱਚ ਸਾਫ਼ ਸਫ਼ਾਈ ਦੇ ਪ੍ਰਬੰਧ ਯਕੀਨੀ ਬਣਾਏ ਜਾਣ। ਉਨਾਂ ਕਿਹਾ ਕਿ ਇਸ ਮੰਡੀ ਵਿੱਚ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਫੱਲ -ਸਬਜ਼ੀਆਂ ਵੇਚਣ ਅਤੇ ਖਰੀਦਣ ਲਈ ਆਉਂਦੇ ਹਨ ਅਤੇ ਇਥੇ ਲੱਗੇ ਕੂੜੇ ਦੇ ਢੇਰ ਦੇਖ ਕੇ ਸਰਕਾਰ ਨੂੰ ਜਿੰਮੇਵਾਰ ਠਹਿਰਾਉਂਦੇ ਹਨ। ਉਨਾਂ ਕਿਹਾ ਕਿ ਜਦਕਿ ਇਹ ਕੰਮ ਜਿਲ੍ਹਾ ਮੰਡੀ ਅਫ਼ਸਰ ਵਲੋਂ ਅਤੇ ਨਗਰ ਨਿਗਮ ਵਲੋਂ ਸਾਂਝੇ ਤੌਰ ਤੇ ਮਿਲ ਕੇ ਮੰਡੀ ਦੀ ਸਫ਼ਾਈ ਨੂੰ ਯਕੀਨੀ ਬਣਾਉਣਾ ਹੈ।

ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤਾ ਜਾਰੀ ਕਰਦਿਆਂ ਕਿਹਾ ਕਿ ਉਹ ਰਾਤ ਵੇਲੇ ਮੰਡੀ ਦੀ ਸਫ਼ਾਈ ਨੂੰ ਕਰਨਾ ਯਕੀਨੀ ਬਣਾਉਣ। ਉਨਾਂ ਕਿਹਾ ਕਿ ਤੜਕਸਾਰ ਸਵੇਰੇ ਤਿੰਨ ਵਜੇ ਹੀ ਮੰਡੀ ਵਿੱਚ ਲੋਕਾਂ ਦਾ ਆਉਣਾ ਜਾਣਾ ਸ਼ੁਰੂ ਹੋ ਜਾਂਦਾ ਹੈ। ਇਸ ਲਈ ਜ਼ਰੂਰਤ ਹੈ ਕਿ ਮੰਡੀ ਦੀ ਸਫ਼ਾਈ ਨੂੰ ਰਾਤ ਵੇਲੇ ਹੀ ਕਰਨਾ ਯਕੀਨੀ ਬਣਾਇਆ ਜਾਵੇ। ਉਨਾਂ ਮੰਡੀ ਅਫ਼ਸਰ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸਾਂਝੇ ਤੌਰ ਤੇ ਹਦਾਇਤ ਜਾਰੀ ਕਰਦਿਆਂ ਕਿਹਾ ਕਿ ਮੰਡੀ ਦੀ ਸਫ਼ਾਈ, ਪੀਣ ਵਾਲਾ ਪਾਣੀ, ਲਾਈਟਾਂ, ਸੜ੍ਹਕ ਦੀ ਮੁਰੰਮਤ, ਪਾਣੀ ਦਾ ਨਿਕਾਸ ਆਦਿ ਯਕੀਨੀ ਬਣਾਇਆ ਜਾਵੇ।

# ਭਗਤੀ ਵਿੱਚ ਬਿਤਾਇਆ ਹਰ ਪਲ ਸਕੂਨ ਵਾਲਾ ਹੁੰਦਾ ਹੈ : ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ






ਚੰਡੀਗੜ੍ਹ/ ਪੰਚਕੂਲਾ /ਯਮੁਨਾਨਗਰ, (ਲੋਕ ਬਾਣੀ) ਪ੍ਰਦੂਸ਼ਣ ਮਨ ਦੇ ਅੰਦਰ ਹੋਵੇ ਜਾਂ ਬਾਹਰ ਦੋਨੋਂ ਹੀ ਨੁਕਸਾਨਦਾਇਕ ਹਨ- ਇਹ ਕਥਨ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਯਮੁਨਾਨਗਰ ਚ ਆਯੋਜਿਤ ਨਿਰੰਕਾਰੀ ਸੰਤ ਸਮਾਗਮ ਦੌਰਾਨ ਕਹੇ। ਸੰਤ ਸਮਾਗਮ ਵਿੱਚ ਹਰਿਆਣਾ ਸਮੇਤ ਪੰਜਾਬ, ਚੰਡੀਗੜ੍ਹ, ਹਿਮਾਚਲ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਸਤਿਗੁਰੂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

ਸਤਿਗੁਰੂ ਮਾਤਾ ਜੀ ਨੇ ਅੱਗੇ ਕਿਹਾ ਕਿ ਬ੍ਰਹਮਗਿਆਨ ਦੀ ਪ੍ਰਾਪਤੀ ਤੋਂ ਬਾਅਦ ਮਨ ਦੀ ਅਵਸਥਾ ਸਥਿਰਤਾ ਅਤੇ ਸ਼ਾਂਤੀ ਨਾਲ ਭਰ ਜਾਂਦੀ ਹੈ ਅਤੇ ਸ਼ਰਧਾਲੂ ਪ੍ਰਮਾਤਮਾ ਦੀ ਹਰ ਖੁਸ਼ੀ ਵਿੱਚ ਹਮੇਸ਼ਾ ਖ਼ੁਸ਼ੀ ਅਤੇ ਸਕੂਨ ਮਹਿਸੂਸ ਕਰਦੇ ਹਨ: ਚਾਹੇ ਉਹ ਚਾਰ ਪਹੀਆ ਵਾਹਨ ਤੇ ਹੋਣ ਜਾਂ ਦੋਪਹੀਆ ਵਾਹਨ ਤੇ ਹੋਣ, ਉਨ੍ਹਾਂ ਦਾ ਉਦੇਸ਼ ਕੇਵਲ ਯਾਤਰਾ ਦੀ ਸਹੂਲਤ ਤੱਕ ਸੀਮਤ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਦੁਨਿਆਵੀ ਸਾਧਨਾਂ ਦੀ ਵਰਤੋਂ ਕਰਕੇ ਅਤੇ ਜੀਵਨ ਵਿੱਚ ਹਰ ਪਲ ਪ੍ਰਭੂ ਪ੍ਰਮਾਤਮਾ ਨੂੰ ਅਨੁਭਵ ਕਰਕੇ ਅਸੀਂ ਆਪਣੇ ਅਧਿਆਤਮਿਕ ਅਤੇ ਸਮਾਜਿਕ ਜੀਵਨ ਵਿੱਚ ਇਕਸਾਰਤਾ ਲਿਆ ਸਕਦੇ ਹਾਂ।

ਸਤਿਗੁਰੂ ਮਾਤਾ ਜੀ ਨੇ ਕਿਹਾ ਕਿ ਆਪਣੇ ਵਿਵਹਾਰ ਵਿੱਚ ਗੁੱਸੇ ਜਾਂ ਕੁੜੱਤਣ ਨੂੰ ਸੰਤੁਲਿਤ ਕਰਕੇ ਮਿਠਾਸ ਕਿਵੇਂ ਲਿਆਉਣੀ ਹੈ, 'ਪਰਮਾਤਮਾ ਦਾ ਬੋਧ ਸਾਨੂੰ ਸਹੀ ਚੋਣ ਕਰਨਾ ਸਿਖਾਉਂਦਾ ਹੈ। ਉਨ੍ਹਾਂ ਕੁਦਰਤ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਸ਼ੁੱਧ ਬਣਾਉਣ ਲਈ ਸਾਰਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਦੋਂ ਸਾਨੂੰ ਜਨਮ ਸਮੇਂ ਕੁਦਰਤ ਸੁੰਦਰ ਰੂਪ ਵਿਚ ਮਿਲਦੀ ਹੈ ਤਾਂ ਸਾਨੂੰ ਸਾਰਿਆਂ ਨੂੰ ਇਸ ਨੂੰ ਸੁੰਦਰ ਛੱਡਣ ਦੀ ਸਮਾਜਿਕ ਜ਼ਿੰਮੇਵਾਰੀ ਨਿਭਾਉਣੀ ਪਵੇਗੀ।

ਇਸ ਤੋਂ ਪਹਿਲਾਂ ਨਿਰੰਕਾਰੀ ਰਾਜਪਿਤਾ ਰਮਿਤ ਜੀ ਨੇ ਆਪਣੇ ਵਿਚਾਰਾਂ ਵਿੱਚ ਸਭ ਤੋਂ ਪਹਿਲਾਂ 16,17 ਅਤੇ 18 ਨਵੰਬਰ 2024 ਨੂੰ ਨਿਰੰਕਾਰੀ ਅਧਿਆਤਮਿਕ ਸਥੱਲ ਸਮਾਲਖਾ ਵਿਖੇ ਹੋਣ ਵਾਲੇ 77ਵੇਂ ਨਿਰੰਕਾਰੀ ਸਾਲਾਨਾ ਸੰਤ ਸਮਾਗਮ ਲਈ ਸਮੂਹ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਹਰ ਸੰਤ ਦੀ ਇੱਛਾ ਹੁੰਦੀ ਹੈ ਕਿ ਜਿਸ ਤਰ੍ਹਾਂ ਬ੍ਰਹਮ ਦੇ ਗਿਆਨ ਨਾਲ ਪ੍ਰਕਾਸ਼ ਆਉਣ ਨਾਲ ਉਸ ਦੇ ਜੀਵਨ ਵਿਚੋਂ ਹਨੇਰੇ ਦੂਰ ਹੋ ਗਏ ਹਨ, ਉਸੇ ਤਰ੍ਹਾਂ ਸਮੁੱਚੀ ਮਨੁੱਖ ਜਾਤੀ ਗਿਆਨ ਦੀ ਪ੍ਰਾਪਤੀ ਕਰਕੇ ਹਨੇਰੇ ਤੋਂ ਪ੍ਰਕਾਸ਼ ਵੱਲ ਵਧੇ। ਜਦੋਂ ਅਸੀਂ ਹਨੇਰੇ ਤੋਂ ਪ੍ਰਕਾਸ਼ ਵੱਲ ਵਧਦੇ ਹਾਂ, ਤਾਂ ਸਾਡੀ ਜ਼ਿੰਦਗੀ ਦੀਆਂ ਠੋਕਰਾਂ ਦੂਰ ਹੋ ਜਾਂਦੀਆਂ ਹਨ। ਇਸੇ ਤਰ੍ਹਾਂ ਬ੍ਰਹਮਗਿਆਨ ਦੀ ਪ੍ਰਾਪਤੀ ਤੋਂ ਬਾਅਦ ਮਨੁੱਖ ਦੀ ਮਾਨਸਿਕ ਸਥਿਤੀ ਵਿਚ ਤਬਦੀਲੀ ਆਉਂਦੀ ਹੈ ਅਤੇ ਉਹ ਸਾਰਿਆਂ ਦੀ ਭਲਾਈ ਲਈ ਕਾਮਨਾ ਕਰਦਾ ਹੈ। ਉਨ੍ਹਾਂ ਕਿਹਾ ਕਿ ਸੱਚ, ਪਿਆਰ ਅਤੇ ਮਾਨਵਤਾ ਹੀ ਪਰਮ ਧਰਮ ਹਨ।

ਸ਼ਾਹਬਾਦ ਦੇ ਜ਼ੋਨਲ ਇੰਚਾਰਜ ਸੁਰਿੰਦਰਪਾਲ ਸਿੰਘ ਜੀ ਨੇ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰਕਾਰੀ ਰਾਜਪਿਤਾ ਰਮਿਤ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਆਸ਼ੀਰਵਾਦ ਪ੍ਰਾਪਤ। ਉਨ੍ਹਾਂ ਦੂਰ-ਦੁਰਾਡੇ ਤੋਂ ਆਈਆਂ ਸੰਗਤਾਂ, ਯਮੁਨਾਨਗਰ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ ਅਤੇ ਹੋਰ ਸਾਰੇ ਵਿਭਾਗਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।


Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਅਮਿੱਟ ਯਾਦਾਂ ਛੱਡ ਗਿਆ ਪੰਜਾਬੀ ਸਾਹਿਤ ਸਭਾ ਖਰੜ ਵਲੋਂ ਕਰਵਾਇਆ ਪੁਸਤਕ ਲੋਕ ਅਰਪਣ ਅਤੇ ਰੂਬਰੂ ਪ੍ਰੋਗਰਾਮ

ਖਰੜ, (ਕਾਲਾ ਸਿੰਘ ਸੈਣੀ ):-ਪੰਜਾਬੀ ਸਾਹਿਤ ਸਭਾ ਖਰੜ ਦੀ ਮਾਸਿਕ ਇਕਤਰਤਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਖਰੜ ਵਿਖੇ ਹੋਈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਸੇ ਇਕਤਰਤਾ ਵਿੱਚ ਵਿਸ਼ੇਸ ਤੌਰ ਤੇ ਅਧਿਆਪਕ ਤੇ ਲੇਖਕ ਅਜਮੇਰ ਸਿੰਘ ਦੀ ਅੰਗਰੇਜ਼ੀ ਭਾਸ਼ਾ 'ਚ ਲਿਖੀ ਗਿਆਨ ਵਿਗਿਆਨ ਦੀ ਪੁਸਤਕ 'ਦ ਸਨ,ਦ ਅਰਥ ਐਂਡ ਦਾ ਮੈਨ' ਲੋਕ ਅਰਪਨ ਕੀਤੀ ਗਈ ਅਤੇ ਲੇਖਿਕਾ ਜਤਿੰਦਰ ਕੌਰ ਮਾਹਲ ਰੂਪਨਗਰ ਦਾ ਰੂਬਰੂ ਪ੍ਰੋਗਰਾਮ ਕਰਵਾਇਆ ਗਿਆ। ਇੱਕਤਰਤਾ ਦੀ ਪ੍ਰਧਾਨਗੀ ਮੰਡਲ ਵਿੱਚ ਸ਼੍ਰੋਮਣੀ ਸਾਹਿਤਕਾਰ ਮਨਮੋਹਨ ਸਿੰਘ ਦਾਊਂ,ਪ੍ਰਧਾਨ ਡਾ.ਜਸਪਾਲ ਜੱਸੀ,ਅਜਮੇਰ ਸਿੰਘ,ਯਤਿੰਦਰ ਕੌਰ ਮਾਹਲ ਵਿਸ਼ੇਸ਼ ਤੌਰ ਤੇ ਸਾਮਿਲ ਹੋਏ। ਪ੍ਰੋਗਰਾਮ ਦੀ ਪ੍ਰਧਾਨਗੀ ਡਾ.ਸੁਨੀਤਾ ਰਾਣੀ ਵਲੋਂ ਕੀਤੀ ਗਈ। ਡਾ.ਜਸਪਾਲ ਜੱਸੀ ਵਲੋਂ ਸਵਾਗਤੀ ਸ਼ਬਦਾਂ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਸਭ ਤੋਂ ਪਹਿਲਾ ਸਮੁੱਚੇ ਪ੍ਰਧਾਨਗੀ ਮੰਡਲ ਵਲੋਂ ਅਜਮੇਰ ਸਿੰਘ ਦੀ ਪੁਸਤਕ "ਦ ਸਨ,ਦ ਅਰਥ ਐਂਡ ਦਾ ਮੈਨ" ਲੋਕ ਅਰਪਣ ਕੀਤੀ ਗਈ। ਲੋਕ ਅਰਪਣ ਕਰਨ ਉਪਰੰਤ ਸਤਵਿੰਦਰ ਸਿੰਘ ਮੜੌਲਵੀ ਵਲੋਂ ਪੁਸਤਕ 'ਤੇ ਪਰਚਾ ਪੜਕੇ ਚਾਨਣਾ ਪਾਇਆ ਗਿਆ। ਪ੍ਰੋਗਰਾਮ ਦੇ ਦੂਸਰੇ ਦੌਰ ਵਿੱਚ ਰੂਬਰੂ ਪ੍ਰੋਗਰਾਮ 'ਚ ਯਤਿੰਦਰ ਕੌਰ ਮਾਹਲ ਵਲੋਂ ਆਪਣੇ ਜੀਵਨ ਸੰਘਰਸ਼ ਅਤੇ ਰਚਨਾ ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦੇ ਹੋਏ ਆਪਣੀ ਕਹਾਣੀ ਕਲਾ ਅਤੇ ਕੁਝ ਰਚਨਾਵਾਂ ਦੀ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਇਸ ਮੌਕੇ ਇੱਕਤਰਤਾ ਵਿੱਚ ਸਾਮਿਲ ਸਾਤਿਹਕਾਰਾਂ ਤੇ ਗੀਤਕਾਰਾਂ ਹਰਜਿੰਦਰ ਗੋਪਾਲੋਂ,ਦਲਬੀਰ ਸਰੋਆ,ਜਸਪਾਲ ਸਿੰਘ ਕੰਵਲ,ਡਾਕਟਰ ਰੁਪਿੰਦਰ ਕੌਰ,ਨਿਰਮਾਨ ਸਿੰਘ ਅਧਰੇੜਾ,ਅਮਰਜੀਤ ਕੌਰ,ਬਲਵਿੰਦਰ ਸਿੰਘ ਢਿੱਲੋਂ,ਨਾਗਰ ਸਿੰਘ ਸਹੌੜਾ,ਐਡਵੋਕੇਟ ਨੀਲਮ ਨਰੰਗ,ਮਲਕੀਤ ਸਿੰਘ ਨਾਗਰਾ,ਜਗਦੇਵ ਸਿੰਘ ਰੜਿਆਲਾ,ਜਗਤਾਰ ਸਿੰਘ ਜੋਗ,ਕਾਕਾ ਸਿੰਘ ਬਡਾਲਾ ਅਤੇ ਬਜ਼ੁਰਗ ਸਾਤਿਹਕਾਰ ਸੁੱਚਾ ਸਿੰਘ ਅਧਰੇੜਾ ਆਦਿ ਨੇ ਆਪੋ-ਆਪਣੀਆਂ ਰਚਨਾਵਾਂ ਪੇਸ਼ ਕਰਕੇ ਪ੍ਰੋਗਰਾਮ ਨੂੰ ਯਾਦਗਾਰ ਬਣਾ ਦਿੱਤਾ। ਸਭਾ ਵਲੋਂ ਯਤਿੰਦਰ ਕੌਰ ਮਾਹਲ ਅਤੇ ਅਜਮੇਰ ਸਿੰਘ ਦਾ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਪ੍ਰਧਾਨਗੀ ਭਾਸ਼ਣ ਵਿੱਚ ਮਨਮੋਹਨ ਸਿੰਘ ਦਾਊਂ ਅਤੇ ਡਾਕਟਰ ਸੁਨੀਤਾ ਰਾਣੀ ਨੇ ਪ੍ਰੋਗਰਾਮ ਬਾਰੇ ਆਪਣੀ ਖੂਬਸੂਰਤ ਵਿਚਾਰ ਪੇਸ਼ ਕੀਤੇ ਅਤੇ ਆਪਣੀਆਂ ਰਚਨਾਵਾਂ ਵੀ ਪੇਸ਼ ਕੀਤੀਆਂ। ਪ੍ਰੋਗਰਾਮ ਦੇ ਮੰਚ ਸੰਚਾਲਕ ਦੀ ਜ਼ਿੰਮੇਵਾਰੀ ਸਭਾ ਦੇ ਜਰਨਲ ਸਕੱਤਰ ਸਤਵਿੰਦਰ ਸਿੰਘ ਮੜੌਲਵੀ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਪ੍ਰਿੰਸੀਪਲ ਗੁਰਮੀਤ ਸਿੰਘ,ਸੁਰਜਨ ਸਿੰਘ ਜੱਸਲ,ਗੁਰਮੀਤ ਸਿੰਘ ਸਿੰਗਲ,ਸਿਮਰਨਜੀਤ ਸਿੰਘ,ਜਗਤਾਰ ਸਿੰਘ ਅਤੇ ਪਤਵੰਤੇ ਹਾਜ਼ਰ ਸਨ।



# ਆਨਲਾਈਨ ਦਵਾਈਆਂ ਵੇਚਣ ਦਾ ਵਿਰੋਧ,ਡਰੱਗ ਕੰਟਰੋਲਰ ਆਫ ਇੰਡੀਆ ਨੂੰ ਲਿਖਿਆ ਪੱਤਰ-ਸੁਰਿੰਦਰ ਦੁੱਗਲ



ਅੰਮ੍ਰਿਤਸਰ,-(ਲੋਕ ਬਾਣੀ) ਪੰਜਾਬ ਕੈਮਿਸਟ ਐਸੋਸੀਏਸ਼ਨ ਅਤੇ ਆਲ ਇੰਡੀਆ ਕੈਮਿਸਟ ਐਂਡ ਡਰੱਗਸਟ ਐਸੋਸੀਏਸ਼ਨ ਵੱਲੋਂ ਡਰੱਗ ਕੰਟਰੋਲ ਆਫ ਇੰਡੀਆ ਨੂੰ ਲਿਖੇ ਪੱਤਰ ਦੇ ਦੌਰਾਨ ਆਨਲਾਈਨ ਦਵਾਈਆਂ ਦੀ ਖਰੀਦ-ਵਿਕਰੀ ਅਤੇ ਸੰਭਾਵਿਤ ਸਾਂਝੇਦਾਰੀ ਸਿਵਗੀ ਇੰਸਟਾਮਾਰਟ ਅਤੇ ਫਾਰਮਾਇਜੀ ਤੇ ਗਹਿਰਾ ਵਿਰੋਧ ਜਾਹਿਰ ਕੀਤਾ। ਆਰਗਨਾਈਜੇਸ਼ਨ ਦੇ ਪ੍ਰਧਾਨ ਜੇ.ਐਸ ਸ਼ਿੰਦੇ,ਜਨਰਲ ਸੈਕਟਰੀ ਰਜੀਵ ਸਿੰਘਲ, ਪੰਜਾਬ ਪ੍ਰਧਾਨ ਸੁਰਿੰਦਰ ਦੁੱਗਲ ਨੇ ਸਾਂਝੇ ਬਿਆਨ ਦੇ ਵਿੱਚ ਕਿਹਾ ਕਿ ਇਸ ਦੇ ਨਾਲ ਦੇਸ਼ ਦੇ 12 ਲੱਖ 40 ਹਜਾਰ ਦਵਾਈਆਂ ਵੇਚਣ ਵਾਲਿਆਂ ਨੂੰ ਮੁਸ਼ਕਿਲਾਂ ਅਤੇ ਮਾੜੇ ਅਸਰਾਂ ਦਾ ਸਾਹਮਣਾ ਕਰਨਾ ਪਵੇਗਾ। ਉਹਨਾਂ ਨੇ ਸਿਵਗੀ ਇੰਸਟਾਮਟ ਵੱਲੋਂ ਈ ਫਾਰਮੇਸੀ ਨਾਲ ਰਾਸ਼ਟਰ ਅਤੇ ਸਿਹਤ ਦੇ ਬੁਰੇ ਪ੍ਰਭਾਵਾਂ ਦੇ ਸਬੰਧ ਵਿੱਚ ਚਿੰਤਾ ਜਾਹਿਰ ਕਰਦਿਆਂ ਕਿਹਾ ਕਿ ਆਨਲਾਈਨ ਸਪੋਰਟਸ ਦੇ ਮਾਧਿਅਮ ਦੇ ਨਾਲ 10 ਮਿੰਟ ਵਿੱਚ ਦਵਾਈਆਂ ਵੇਚਣ ਲਈ ਸਿਵਗੀ ਇਸਟਾਮਾਰਟ ਸੋਚ ਤੋਂ ਪਰੇ ਹੈ,ਇਹ ਕਾਨੂੰਨ ਦੇ ਖਿਲਾਫ ਹੈ। ਇਸ ਨਾਲ ਸਿਹਤ ਅਤੇ ਸੁਰੱਖਿਆ ਦੇ ਨਾਲ ਜੁੜੇ ਹੋਏ ਗੰਭੀਰ ਖਤਰੇ ਪੈਦਾ ਹੋ ਸਕਦੇ ਹਨ। ਸਰਕਾਰ ਵੱਲੋਂ ਏ.ਐਮ.ਆਰ ਦੇ ਖਤਰੇ ਨੂੰ ਨਿਪਟਣ ਦੇ ਲਈ ਯਤਨਾਂ ਦੇ ਵਿਰੁੱਧ ਹੈ। ਆਨਲਾਈਨ ਦੇ ਨਾਲ ਸਾਂਝੇਦਾਰੀ ਕਾਨੂੰਨ ਅਤੇ ਨਾਲ ਹੋਰ ਖਤਰਾ ਵੱਧ ਸਕਦਾ ਹੈ ਕਿਉਂਕਿ ਇਹ ਕੰਪਨੀਆਂ ਪਹਿਲਾਂ ਹੀ ਕਾਨੂੰਨੀ ਮਾਮਲਿਆਂ ਦੇ ਵਿੱਚ ਉਲਝੀਆਂ ਹੋਈਆਂ ਹਨ। ਫਾਸਟ ਡਿਲੀਵਰੀ ਮਾਡਲ ਦੇ ਚੱਲਦਿਆਂ ਐਕਸਪਾਇਰੀ ਜਾਂ ਨਕਲੀ ਦਵਾਈਆਂ ਦੀ ਅਸ਼ੰਕਾ ਵੱਧ ਸਕਦੀ ਹੈ ਜੋ ਕਿ ਰੋਗੀ ਦੀ ਸੁਰੱਖਿਆ ਦੇ ਲਈ ਹਾਨੀਕਾਰਕ ਹੈ। ਪ੍ਰਧਾਨ ਸੁਰਿੰਦਰ ਦੁਗਲ ਦਾ ਮੰਨਣਾ ਹੈ ਕਿ ਜਨਤਾ ਦੇ ਸਿਹਤ ਸੇਵਾਵਾਂ ਦੀ ਚਿੰਤਾ ਦਾ ਵਿਸ਼ਾ ਹੈ ਇਹ ਇਕ ਸਿਵਗੀ ਇੰਸਟਾਮਾਰਟ ਦੇ ਸਾਂਝੇਦਾਰੀ ਤਰ ਚਿੰਤਾਜਨਕ ਹੈ। ਸਰਕਾਰ ਨੂੰ ਅਪੀਲ ਕੀਤੀ ਕਿ ਇਹਨਾਂ ਵੱਲ ਪੂਰਾ ਧਿਆਨ ਦਿੱਤਾ ਜਾਵੇ।

# ਕਾਨਪੁਰ ਜ਼ੋਨ ਦੇ ADG ਅਲੋਕ ਸਿੰਘ ਨੇ UP ਸਰਕਾਰ ਦੀ ਮਨਸ਼ਾ ਪੂਰੀ ਕੀਤੀ, ਦਰਜਨਾਂ ਗ੍ਰਿਫ਼ਤਾਰ

ਕਾਨਪੁਰ (ਸੁਨੀਲ ਬਾਜਪਾਈ) ਜ਼ੋਨ ਦੇ ਅੱਠ ਜ਼ਿਲ੍ਹਿਆਂ ਕਾਨਪੁਰ ਦੇਹਤ, ਇਟਾਵਾ, ਔਰਈਆ, ਕਨੌਜ, ਫਤਿਹਗੜ੍ਹ ਜਾਲੌਨ, ਲਲਿਤਪੁਰ ਅਤੇ ਝਾਂਸੀ ਵਿੱਚ ਲੋਕ ਸਭਾ ਚੋਣਾਂ ਸਮੇਤ ਪਿਛਲੇ ਸਾਰੇ ਤਿਉਹਾਰਾਂ ਦੀ ਤਰ੍ਹਾਂ ਦੀਵਾਲੀ ਦਾ ਤਿਉਹਾਰ ਵੀ ਥੋੜ੍ਹੇ-ਥੋੜ੍ਹੇ ਸਮੇਂ ਨੂੰ ਛੱਡ ਕੇ ਸ਼ਾਂਤਮਈ ਅਤੇ ਸਦਭਾਵਨਾ ਨਾਲ ਸੰਪੰਨ ਹੋਇਆ। ਘਟਨਾਵਾਂ ਜਿਸ ਤੋਂ ਬਾਅਦ ਅਮਨ-ਕਾਨੂੰਨ ਦੇ ਪੱਖ ਵਿੱਚ ਅਪਰਾਧਿਕ ਅਰਾਜਕਤਾਵਾਦੀ ਅਨਸਰਾਂ ਵਿਰੁੱਧ ਮੁੜ ਤੋਂ ਪ੍ਰਭਾਵਸ਼ਾਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਜਿੱਥੋਂ ਤੱਕ ਕਾਨਪੁਰ ਜ਼ੋਨ ਵਿੱਚ ਹੁਣ ਤੱਕ ਸਾਰੇ ਤਿਉਹਾਰਾਂ ਦੇ ਸਫ਼ਲਤਾਪੂਰਵਕ ਸੰਪੰਨ ਹੋਣ ਦਾ ਸਬੰਧ ਹੈ। ਇਸ ਵਿੱਚ ਪੂਰੀ ਤਰ੍ਹਾਂ ਕਾਮਯਾਬੀ ਵੀ ਮਿਲੀ ਕਿਉਂਕਿ ਅੱਜ ਕੱਲ੍ਹ ਬਤੌਰ ਏ.ਡੀ.ਜੀ. ਉਹ ਯੋਗੀ ਸਰਕਾਰ ਦੀ ਮਨਸ਼ਾ ਅਨੁਸਾਰ ਕਾਨਪੁਰ ਜ਼ੋਨ ਦੀ ਕਮਾਨ ਸੰਭਾਲ ਰਹੇ ਹਨ, ਉਹ ਹਮੇਸ਼ਾ ਹੀ ਅਪਰਾਧੀਆਂ ਦੇ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਕਰਦੇ ਹਨ ਅਤੇ ਪੀੜਤਾਂ ਦੀ ਮਦਦ ਵੀ ਸੀਨੀਅਰ ਆਈ.ਪੀ.ਐਸ. ਅਲੋਕ ਸਿੰਘ ਦੇ ਹੱਥਾਂ ਵਿੱਚ ਹੈ , ਰਾਜ ਦੇ ਕਰਤੱਵ ਅਤੇ ਇਮਾਨਦਾਰ ਆਈਪੀਐਸ ਅਫਸਰਾਂ ਵਿੱਚੋਂ ਇੱਕ, ਜੋ ਕਿ ਨੋਇਡਾ ਦਾ ਪਹਿਲਾ ਸਫਲ ਅਤੇ ਸਰਵੋਤਮ ਪੁਲਿਸ ਕਮਿਸ਼ਨਰ ਵੀ ਹੈ, ਬਹੁਤ ਸਾਰੀਆਂ ਦੁਰਲੱਭ ਪ੍ਰਾਪਤੀਆਂ ਦਾ ਇੱਕ ਸ਼ਲਾਘਾਯੋਗ ਧਾਰਕ ਹੈ। ਉਨ੍ਹਾਂ ਦਾ ਹੁਣ ਤੱਕ ਦਾ ਸੰਘਰਸ਼ੀ ਇਤਿਹਾਸ ਇਹ ਸਿੱਧ ਕਰਦਾ ਹੈ ਕਿ ਉਨ੍ਹਾਂ ਦੀ ਡਿਊਟੀ ਪ੍ਰਤੀ ਅਥਾਹ ਸ਼ਰਧਾ ਹਰ ਛੋਟੀ-ਮੋਟੀ ਘਟਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਪੂਰੀ ਨਿਰਪੱਖਤਾ ਅਤੇ ਪਾਰਦਰਸ਼ਤਾ ਨਾਲ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਕਰਨ ਅਤੇ ਪੀੜਤਾਂ ਦੀ ਮਦਦ ਕਰਨ ਵਿੱਚ ਕਦੇ ਵੀ ਪਿੱਛੇ ਨਹੀਂ ਰਹੀ। ਜੋ ਵੀ ਉਨ੍ਹਾਂ ਕੋਲ ਜਾਂਦਾ ਹੈ। ਉਹ ਨਿਰਾਸ਼ ਹੋ ਕੇ ਨਹੀਂ ਪਰਤਦਾ।

ਦੂਜੇ ਪਾਸੇ ਏ.ਡੀ.ਜੀ. ਅਲੋਕ ਸਿੰਘ ਦੀ ਇਸ ਸ਼ਲਾਘਾਯੋਗ ਅਤੇ ਮਿਸਾਲੀ ਕਾਰਜਸ਼ੈਲੀ ਦੇ ਸੰਦਰਭ ਵਿੱਚ ਅਧਿਆਤਮਿਕ ਦ੍ਰਿਸ਼ਟੀਕੋਣ ਵੀ ਇਸ ਇਰਾਦੇ ਦੀ ਪੁਸ਼ਟੀ ਕਰਦਾ ਹੈ। ਉਨ੍ਹਾਂ ਅਨੁਸਾਰ ਜੇਕਰ ਕੋਈ ਪੀੜਤ ਮਦਦ ਲਈ ਆਉਂਦਾ ਹੈ ਤਾਂ ਇਸ ਦਾ ਅਰਥ ਹੈ ਕਿ ਰੱਬ, ਅੱਲ੍ਹਾ ਅਤੇ ਪ੍ਰਮਾਤਮਾ ਆਪਣੇ ਰੂਪ ਵਿੱਚ ਸਾਡੇ, ਤੁਹਾਡੇ ਜਾਂ ਕਿਸੇ ਦੇ ਵੀ ਅਧਿਕਾਰ, ਸਮਰੱਥਾ ਅਤੇ ਡਿਊਟੀ ਪ੍ਰਤੀ ਲਗਨ ਅਤੇ ਸੇਵਾ ਪ੍ਰਤੀ ਇਮਾਨਦਾਰੀ ਨੂੰ ਪਰਖਣ ਲਈ ਆਏ ਹਨ।

ਖਾਸ ਗੱਲ ਇਹ ਹੈ ਕਿ ਕਿਸੇ ਵੀ ਪੀੜਤ ਵਿਅਕਤੀ ਦੀਆਂ ਸਮੱਸਿਆਵਾਂ ਅਤੇ ਦੁੱਖਾਂ ਦਾ ਹੱਲ ਵੀ ਸਬੰਧਤ ਵਿਅਕਤੀ ਲਈ ਆਸ਼ੀਰਵਾਦ ਪੈਦਾ ਕਰਦਾ ਹੈ, ਜੋ ਨਿਸ਼ਚਿਤ ਤੌਰ ਤੇ ਉਸ ਦੇ ਜੀਵਨ ਵਿੱਚ ਫਲਦਾ ਹੈ। ਅਧਿਆਤਮਿਕ ਦ੍ਰਿਸ਼ਟੀਕੋਣ ਅਨੁਸਾਰ,



ਅਜਿਹਾ ਇਸ ਲਈ ਹੈ ਕਿਉਂਕਿ ਕਿਸੇ ਪ੍ਰਤੀ ਅਸ਼ੀਰਵਾਦ ਅਤੇ ਸਰਾਪ ਦੇ ਰੂਪ ਵਿੱਚ ਬੋਲੇ ਗਏ ਸ਼ਬਦ ਕਦੇ ਵੀ ਨਸ਼ਟ ਨਹੀਂ ਹੁੰਦੇ ਹਨ।

....ਅਤੇ ਜੇ ਅਜਿਹਾ ਹੁੰਦਾ ਤਾਂ ਅਸੀਂ ਜਾਂ ਕੋਈ ਹੋਰ ਮੋਬਾਈਲ ਤੇ ਗੱਲ ਕਰਨ ਦੇ ਯੋਗ ਨਹੀਂ ਹੁੰਦਾ, ਕਿਉਂਕਿ ਅਮਰ, ਅਮਰ, ਅਵਿਨਾਸ਼ੀ ਅੱਖਰਾਂ ਤੋਂ ਬਣੇ ਸ਼ਬਦ ਅਤੇ ਸ਼ਬਦਾਂ ਤੋਂ ਬਣੇ ਵਾਕ ਹੀ ਲਿਖਤ ਦੇ ਰੂਪ ਵਿੱਚ ਇਸ ਸੰਸਾਰ ਨੂੰ ਰਾਜ ਕਰਦੇ ਹਨ, ਪੜ੍ਹਨਾ ਅਤੇ ਬੋਲਣਾ. ਭਾਵ, ਜੇ ਕੁਝ ਲਿਖਿਆ, ਪੜ੍ਹਿਆ ਜਾਂ ਕਿਹਾ ਨਹੀਂ ਜਾਂਦਾ, ਤਾਂ ਇਹ ਸੰਸਾਰ ਕੰਮ ਨਹੀਂ ਕਰ ਸਕਦਾ। ਭਾਵ, ਜੇਕਰ ਕੋਈ ਯੋਗ ਸਖਿਤੀ ਵਿਚ ਚੁੱਪ ਰਹੇ, ਤਾਂ ਸਾਰੀ ਜਨਤਕ ਵਿਵਸਥਾ ਠੱਪ ਹੋ ਜਾਵੇਗੀ।

ਇਸ ਦੇ ਨਾਲ ਹੀ ਪੁਲਿਸ ਵਿਭਾਗ ਵਿੱਚ ਇੱਕ ਆਮ ਵਿਅਕਤੀ ਵਜੋਂ ਜਾਂ ਕਿਸੇ ਯੋਗ ਹੈਸੀਅਤ ਵਿੱਚ ਸੇਵਾ ਨਿਭਾਉਣਾ ਵੀ ਦੁਨੀਆਂ ਦੇ ਬਾਕੀ ਸਾਰੇ ਅਹੁਦਿਆਂ ਅਤੇ ਵਿਭਾਗਾਂ ਨਾਲੋਂ ਵੱਧ ਮਹੱਤਵਪੂਰਨ ਹੈ, ਕਿਉਂਕਿ ਦੁਨੀਆਂ ਨੂੰ ਚਲਾਉਣ ਦੀ ਇਲਾਹੀ ਪ੍ਰਣਾਲੀ ਵਿੱਚ ਪੁਲਿਸ ਵਿਭਾਗ ਦਾ ਜਿੰਨਾ ਅਹਿਮ ਰੋਲ ਹੁੰਦਾ ਹੈ। ਪੁਲਿਸ ਵਿਭਾਗ ਵਿਚ ਕਿਸੇ ਵੀ ਅਹੁਦੇਦਾਰ ਦੀ ਇਹ ਅਹਿਮ ਭੂਮਿਕਾ ਇਸ ਸੰਸਾਰ ਵਿਚ ਮਨੁੱਖ ਦੇ ਜਨਮ ਤੋਂ ਪਹਿਲਾਂ ਸ਼ੁਰੂ ਹੁੰਦੀ ਹੈ ਅਤੇ ਮੌਤ ਤੋਂ ਬਾਅਦ ਵੀ ਜਾਰੀ ਰਹਿੰਦੀ ਹੈ, ਯਾਨੀ ਕਿ ਸ਼ਿਕਾਇਤ ਤੇ, ਜਾਂਚ ਅਤੇ ਜਾਂਚ ਦੇ ਰੂਪ ਵਿਚ ਕਿ ਬੱਚਾ ਕਿਸ ਦਾ ਹੈ ਇੱਕ ਕੁੱਖ ਵਿੱਚ ਅਤੇ ਮੌਤ ਤੋਂ ਬਾਅਦ ਵੀ, ਇਹ ਪਤਾ ਲਗਾਉਣ ਦੀ ਨੀਅਤ ਨਾਲ ਕਿ ਕਤਲ ਕਿਸਨੇ ਕੀਤਾ ਹੈ ? ਭਾਵ, ਪੁਲਿਸ ਤੋਂ ਇਲਾਵਾ ਦੁਨੀਆਂ ਦੇ ਕਿਸੇ ਹੋਰ ਵਿਭਾਗ ਜਾਂ ਇੱਥੋਂ ਤੱਕ ਕਿ ਇਸ ਦੇ ਉੱਚ ਅਹੁਦੇਦਾਰ ਦੀ ਜਨਮ ਤੋਂ ਪਹਿਲਾਂ ਤੋਂ ਮੌਤ ਤੱਕ ਇੰਨੀ ਵੱਡੀ ਭੂਮਿਕਾ ਨਹੀਂ ਹੈ। ਇੱਥੋਂ ਤੱਕ ਕਿ ਕਤਲ ਦੇ ਮਾਮਲੇ ਵਿੱਚ ਪੁਲਿਸ ਤੋਂ ਇਲਾਵਾ ਦੁਨੀਆਂ ਦੇ ਕਿਸੇ ਵੀ ਉੱਚ ਅਹੁਦੇ ਦੇ ਧਾਰਕ ਨੂੰ ਇਹ ਪੂਰਾ ਅਧਿਕਾਰ ਨਹੀਂ ਹੈ ਕਿ ਉਹ ਕਿਸੇ ਵਿਅਕਤੀ ਦੇ ਕੀਤੇ ਕੰਮਾਂ ਦਾ ਨਤੀਜਾ ਉਸ ਦੀ ਮੌਤ ਤੋਂ ਬਾਅਦ ਸਜ਼ਾ, ਉਮਰ ਕੈਦ ਜਾਂ ਮੌਤ ਦੀ ਸਜ਼ਾ ਦੇ ਰੂਪ ਵਿੱਚ ਦੇਣ।

ਖਾਸ ਗੱਲ ਇਹ ਹੈ ਕਿ ਹਰ ਮੁਲਾਜ਼ਮ ਅਤੇ ਅਧਿਕਾਰੀ ਦਾ ਸਾਰਾ ਧਰਮ, ਉਸ ਦੇ ਸਾਰੇ ਕਰਮ, ਉਸ ਦੀਆਂ ਸਾਰੀਆਂ ਪ੍ਰਾਪਤੀਆਂ, ਉਸ ਦੀਆਂ ਸਾਰੀਆਂ ਸੇਵਾਵਾਂ ਅਤੇ ਉਸ ਦੀ ਰੋਜ਼ੀ-ਰੋਟੀ ਦਾ ਆਧਾਰ ਸਰੀਰ, ਸਰੀਰ ਰਾਹੀਂ ਅਤੇ ਸਰੀਰ ਤੋਂ ਹੀ ਹੈ।

ਇੰਨਾ ਹੀ ਨਹੀਂ, ਸੰਸਾਰ ਦੀ ਦੈਵੀ ਸੰਚਾਲਨ ਪ੍ਰਣਾਲੀ ਦੇ ਤਹਿਤ, ਜਨਮ ਅਤੇ ਮੌਤ ਦੇ ਵਿਚਕਾਰ ਦਾ ਸਮਾਂ, ਭਾਵ ਜੀਵਨ ਨੂੰ ਮਨੁੱਖ ਦੇ ਕਰਮ ਅਨੁਸਾਰ ਸੁੱਖ ਜਾਂ ਗ਼ਮੀ ਵਿੱਚ ਬਦਲਿਆ ਜਾਂਦਾ ਹੈ, ਨਾਲ ਹੀ ਜੀਵਨ ਨੂੰ ਬਚਾਉਣ ਅਤੇ ਸੁਰੱਖਿਆ ਦੇ ਰੂਪ ਵਿੱਚ ਜੀਵਨ ਨੂੰ ਬਚਾਉਣਾ ਹੁੰਦਾ ਹੈ। ਲੋਕਾਂ ਦੀ ਭਲਾਈ, ਜਿਸ ਨੂੰ ਪੁਲਿਸ ਕਿਹਾ ਜਾਂਦਾ ਹੈ, ਉਹ ਕਿਸੇ ਦੀ ਵੀ ਮੌਤ (ਮੁਕਾਬਲੇ) ਦੇ ਰੂਪ ਵਿੱਚ ਕਰਨ ਦੀ ਯੋਗਤਾ, ਯੋਗਤਾ ਅਤੇ ਸਮਰੱਥਾ ਰੱਖਦਾ ਹੈ ਜੇਕਰ ਉਹ ਕਾਨੂੰਨ ਦੇ ਉਲਟ ਵਿਵਹਾਰ ਕਰਦਾ ਹੈ। ਇਸ ਤੋਂ ਇਹ ਸਿੱਧ ਹੁੰਦਾ ਹੈ ਕਿ ਰੱਬ, ਅੱਲਾ ਅਤੇ ਰੱਬ ਵੀ ਪੁਲਿਸ ਮਹਿਕਮੇ ਵਿਚ ਛੋਟੇ ਤੋਂ ਵੱਡੇ ਅਹੁਦਿਆਂ ਤੇ ਬਿਰਾਜਮਾਨ ਵਿਅਕਤੀ ਨੂੰ ਕਰਮਯੋਗੀਆਂ ਦੇ ਰੂਪ ਵਿਚ ਸੰਸਾਰ ਵਿਚ ਚੰਗੇ-ਮਾੜੇ ਕਰਮਾਂ ਦਾ ਫਲ ਦਿੰਦਾ ਹੈ।

# ਨਗਰ ਨਿਗਮ ਕਮਿਸ਼ਨਰ ਸਾਹਿਬ ਲੋਕਾਂ ਦੀਆਂ ਸ਼ਿਕਾਇਤਾਂ ਦਾ ਅਸਰ,ਹੋ ਰਿਹਾ ਬੇਅਸਰ

ਅੰਮ੍ਰਿਤਸਰ,-(ਲੋਕ ਬਾਣੀ) ਗੁਰੂ ਤੇਗ ਬਹਾਦਰ ਹਸਪਤਾਲ ਨਜਦੀਕ ਨਾਮਧਾਰੀ ਗੁਰਦੁਆਰਾ ਤੋਂ ਸਿਵਲ ਹਸਪਤਾਲ ਰੇਲਵੇ ਫਾਟਕ ਵੱਲ ਜਾਂਦੀ ਸੜਕ ਦੇ ਕਿਨਾਰਿਆਂ ਤੇ ਬੰਦ ਸੀਵਰੇਜ ਤੇ ਚੱਲਦਿਆਂ ਖੜੇ ਗੰਦੇ ਦੇ ਬਦਬੂਦਾਰ ਪਾਣੀ ਦੇ ਨਾਲ ਦੁਕਾਨਦਾਰਾਂ ਅਤੇ ਰਾਹਗੀਰਾਂ ਦਾ ਪਲ-ਪਲ ਬਤੀਤ ਕਰਨਾ ਮੁਸ਼ਕਿਲ ਹੋ ਰਿਹਾ ਹੈ। ਦੁਕਾਨਦਾਰ ਵਿਕਾਸ ਜੋਲੀ,ਰਵਿੰਦਰ ਕੁਮਾਰ,ਸੁਸ਼ੀਲ ਕੁਮਾਰ,ਹਰਮਨ ਮਨੀ,ਦੀਪਕ ਸ਼ਰਮਾ,ਰਾਮ ਸ਼ਿਆਮ ਨੇ ਕਿਹਾ ਕਿ ਪਿਛਲੇ ਕਰੀਬ ਦੋ ਮਹੀਨਿਆਂ ਤੋਂ ਬੰਦ ਸੀਵਰੇਜ ਦੇ ਚੱਲਦਿਆਂ ਦੁਕਾਨਾਂ ਤੇ ਬੈਠਣਾ ਮੁਸ਼ਕਿਲ ਹੋ ਰਿਹਾ ਹੈ। ਕਾਫੀ ਸ਼ਿਕਾਇਤਾਂ ਕਰਨ ਤੋਂ ਬਾਅਦ ਕਾਰਪੋਰੇਸ਼ਨ ਵੱਲੋਂ ਭੇਜੀ ਮਸ਼ੀਨ ਦੇ ਨਾਲ ਸਫਾਈ ਕੀਤੀ ਗਈ। ਚਾਹ ਪਾਣੀ ਵੀ ਲੈ ਲਿਆ ਗਿਆ,ਪਰ ਦੋ ਦਿਨ ਦੇ ਬਾਅਦ ਸੀਵਰੇਜ ਫਿਰ ਬੰਦ ਹੋ ਗਿਆ। ਕੰਪਨੀ ਬਾਗ, ਚਿਲਡਰਨ ਪਾਰਕ ਦੇ ਕਰੀਬ ਨਗਰ ਨਿਗਮ ਦੇ ਦਫਤਰ ਵਿਖੇ ਸ਼ਿਕਾਇਤ ਨੰਬਰ 622 ਤੋਂ ਇਲਾਵਾ ਹੋਰ ਵੀ ਕਈ ਸ਼ਿਕਾਇਤਾਂ ਦਰਜ ਕਰਵਾਈਆਂ ਗਈਆਂ। ਪਰ ਕਿਸੇ ਦੇ ਵੀ ਕੰਨ ਤੇ ਕੋਈ ਜੂੰ ਨਹੀਂ ਸਰਕ ਰਹੀ ਹੈ। ਸੀਵਰੇਜ਼ ਦੀਆਂ ਪਾਈਪਾਂ ਬੰਦ ਹੋਣ ਦੇ ਚੱਲਦਿਆਂ ਸੀਵਰੇਜ ਦੇ ਹੋਲ ਗੰਦੇ ਪਾਣੀ ਨਾਲ ਡੱਕੇ ਹੋਏ ਹਨ। ਸੜਕ ਦੇ ਕਿਨਾਰੇ ਫੈਲੇ ਗੰਦੇ ਤੇ ਬਦਬੂਦਾਰ ਪਾਣੀ ਦੇ ਕਾਰਨ ਖਾਣ ਪੀਣ ਦੀ ਵਸਤੂਆਂ ਦੀਆਂ ਦੁਕਾਨਾਂ ਤੇ ਗ੍ਰਾਹਕ ਬੈਠਣ ਲਈ ਤਿਆਰ ਨਹੀਂ ਹੁੰਦੇ ਹਨ। ਦੁਕਾਨਦਾਰਾਂ ਨੇ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਅਤੇ ਸੀਵਰੇਜ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਲੋਕਾਂ ਦੀਆਂ ਮੁਸ਼ਕਿਲਾਂ ਦਾ ਧਿਆਨ ਵਿੱਚ ਰੱਖਦੇ ਹੋਏ ਸੀਵਰੇਜ ਦੀਆਂ ਮੁਸ਼ਕਿਲਾਂ ਦਾ ਹੱਲ



ਰੋਜ਼ਾਨਾ ਲੋਕ ਬਾਣੀ www.lokbani

# ਜ਼ਿਲ੍ਹੇ ਦੀਆਂ ਮੰਡੀਆਂ ਵਿਚ 252642 ਮੀਟ੍ਰਿਕ ਟਨ ਫ਼ਸਲ ਦੀ ਆਮਦ, ਲਿਫਟਿੰਗ ਨਾਲੋ ਨਾਲ ਜਾਰੀ: ਡਿਪਟੀ ਕਮਿਸ਼ਨਰ

ਬਰਨਾਲਾ, (ਲੋਕ ਬਾਣੀ) ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਆਈ ਏ ਐੱਸ ਨੇ ਦੱਸਿਆ ਕਿ ਰੋਜ਼ਾਨਾ ਮੰਡੀਆਂ ਦਾ ਦੌਰਾ ਕਰਕੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਲਗਾਤਾਰ ਜਾਇਜ਼ਾ ਲਿਆ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਫ਼ਸਲ ਦੀ ਚੁਕਾਈ ਵੀ ਲਗਾਤਾਰ ਕਰਵਾਈ ਜਾ ਰਹੀ ਹੈ ਤਾਂ ਜੋ ਲਿਫਟਿੰਗ ਦੀ ਕੋਈ ਸਮੱਸਿਆ ਨਾ ਆਵੇ।

ਉਨ੍ਹਾਂ ਦੱਸਿਆ ਕਿ ਕੱਲ੍ਹ 2 ਨਵੰਬਰ ਸ਼ਾਮ ਤੱਕ ਜ਼ਿਲ੍ਹੇ ਦੀਆਂ ਵੱਖ ਵੱਖ ਮੰਡੀਆਂ ਵਿੱਚ ਕੁੱਲ 252642 ਮੀਟ੍ਰਿਕ ਟਨ ਜਿਣਸ ਦੀ ਆਮਦ ਹੋਈ, ਜਦੋਂਕਿ ਕੱਲ੍ਹ ਵਾਲੇ ਦਿਨ 41493 ਟਨ ਫ਼ਸਲ ਮੰਡੀਆਂ ਵਿੱਚ ਆਈ। ਇਸ ਵਿਚੋਂ ਕੱਲ੍ਹ 29717 ਮੀਟ੍ਰਿਕ ਟਨ, ਜਦੋਂਕਿ ਹੁਣ ਤਕ ਕੁੱਲ 208677 ਮੀਟ੍ਰਿਕ ਟਨ ਫ਼ਸਲ ਖ਼ਰੀਦੀ ਗਈ ਹੈ।

ਉਨ੍ਹਾਂ ਦੱਸਿਆ ਕਿ ਹੁਣ ਤੱਕ ਮਾਰਕਫੈੱਡ ਵਲੋਂ 58451 ਮੀਟ੍ਰਿਕ ਟਨ, ਪਨਗ੍ਰੇਨ ਵਲੋਂ 81495 ਮੀਟ੍ਰਿਕ ਟਨ, ਪਨਸਪ ਵਲੋਂ 44741 ਮੀਟ੍ਰਿਕ ਟਨ ਤੇ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 23990 ਮੀਟ੍ਰਿਕ ਟਨ ਫ਼ਸਲ ਦੀ ਖਰੀਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਹੁਣ ਤੱਕ 131641 ਮੀਟ੍ਰਿਕ ਟਨ ਫ਼ਸਲ ਦੀ ਲਿਫਟਿੰਗ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਹੁਣ ਤਕ 393.41 ਕਰੋੜ ਰੁਪਏ ਦੀ ਰਾਸ਼ੀ ਕਿਸਾਨਾਂ ਨੂੰ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਪੱਧਰ ਤੇ ਮੰਡੀਆਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਅਤੇ ਲਿਫਟਿੰਗ ਵੀ ਨਾਲੋ ਨਾਲ ਜਾਰੀ ਹੈ।

# ਪਰਾਲੀ ਪ੍ਰਬੰਧਨ ਅਧੀਨ: ਸਾਂਝੇ ਯਤਨਾਂ ਸਦਕਾ ਮੁਹਿੰਮ ਨੂੰ ਮਿਲ ਰਿਹਾ ਸਾਕਾਰਾਤਮਕ ਹੁੰਗਾਰਾ




ਬਰਨਾਲਾ (ਲੋਕ ਬਾਣੀ) ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੀ ਰੌਸ਼ਨੀ ਵਿੱਚ ਜ਼ਿਲ੍ਹਾ ਬਰਨਾਲਾ ਵਿੱਚ ਪਰਾਲੀ ਪ੍ਰਬੰਧਨ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਲਗਾਤਾਰ ਸਰਗਰਮ ਹਨ।

ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਪਿੰਡਾਂ ਵਿਚ ਸਰਗਰਮ ਹਨ ਅਤੇ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਿਸ ਬਦੌਲਤ ਮੁਹਿੰਮ ਨੂੰ ਸਾਕਾਰਾਤਮਕ ਹੁੰਗਾਰਾ ਮਿਲ ਰਿਹਾ ਹੈ ਅਤੇ ਪਿਛਲੇ ਸਾਲ ਦੇ ਮੁਕਾਬਲੇ ਸਥਿਤੀ ਬਹੁਤ ਬਿਹਤਰ ਹੈ। ਉਹਨਾਂ ਪਰਾਲੀ ਨੂੰ ਅੱਗ ਨਾ ਲਾ ਕੇ ਵਾਤਾਵਰਨ ਸੰਭਾਲ ਮੁਹਿੰਮ ਵਿਚ ਯੋਗਦਾਨ ਪਾਉਣ ਵਾਲੇ ਅਗਾਂਹਵਧੂ ਕਿਸਾਨਾਂ ਦੀ ਸ਼ਲਾਘਾ ਕੀਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਹ ਖੁਦ ਪਲ ਪਲ ਪਰਾਲੀ ਦੇ ਮਾਮਲਿਆਂ ਤੇ ਨਜ਼ਰ ਰੱਖ ਰਹੇ ਹਨ ਅਤੇ ਹੋਰ ਸੀਨੀਅਰ ਅਧਿਕਾਰੀਆਂ ਸਮੇਤ ਕਲੱਸਟਰ ਅਫ਼ਸਰ, ਸਹਾਇਕ ਕਲੱਸਟਰ ਅਫ਼ਸਰ, ਨੋਡਲ ਅਫ਼ਸਰ ਅਤੇ ਪਿੰਡ ਪੱਧਰੀ ਟੀਮਾਂ ਪਿੰਡਾਂ ਵਿੱਚ ਲਗਾਤਾਰ ਸਰਗਰਮ ਹਨ। ਉਹਨਾਂ ਕਿਹਾ ਕਿ ਪਿੰਡਾਂ ਵਿਚ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ, ਮਸ਼ੀਨਰੀ ਦੀਆਂ ਸੂਚੀਆਂ ਚਸਪਾਂ ਕੀਤੀਆਂ ਗਈਆਂ ਹਨ ਅਤੇ ਘਰ ਘਰ ਜਾ ਕੇ ਪਰਾਲੀ ਨਾ ਸਾੜਨ ਦਾ ਹੋਕਾ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪਿੰਡ ਦੇ ਮੋਹਤਬਰਾਂ ਅਤੇ ਅਗਾਂਹਵਧੂ ਕਿਸਾਨਾਂ ਦੇ ਸਹਿਯੋਗ ਸਦਕਾ ਪਿਛਲੇ ਸਾਲ ਦੇ ਮੁਕਾਬਲੇ ਸਥਿਤੀ ਕਈ ਗੁਣਾ ਬਿਹਤਰ ਹੈ। ਉਹਨਾਂ ਦੱਸਿਆ ਕਿ ਇਸ ਵਾਰ ਸਹਿਕਾਰੀ ਸਭਾਵਾਂ ਨੂੰ ਪਿਛਲੇ ਸਾਲ ਦੇ ਮੁਕਾਬਲੇ ਵੱਧ ਮਸ਼ੀਨਰੀ ਉਪਲਬਧ ਕਰਵਾਈ ਗਈ ਹੈ।

ਉਹਨਾਂ ਕਿਹਾ ਕਿ ਟੀਮਾਂ ਵਲੋਂ ਘਰ ਘਰ ਇਹ ਸੁਨੇਹਾ ਦਿੱਤਾ ਜਾ ਰਿਹਾ ਹੈ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਧਰਤੀ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਨਾਲ ਹੀ ਵਾਤਾਵਰਨ ਵਿਚ ਜ਼ਹਿਰੀਲੀਆਂ ਗੈਸਾਂ ਪੈਦਾ ਹੁੰਦੀਆਂ ਹਨ ਜੋ ਕਿ ਮਨੁੱਖੀ ਸਿਹਤ ਅਤੇ ਹੋਰਨਾਂ ਜੀਵ-ਜੰਤੂਆਂ ਤੇ ਮਾੜਾ ਪ੍ਰਭਾਵ ਪਾਉਂਦੀਆਂ ਹਨ। ਉਨ੍ਹਾਂ ਦੱਸਿਆ ਕਿ ਅੱਗ ਲਗਾਉਣ ਨਾਲ ਧਰਤੀ ਵਿਚਲੇ ਕਈ ਮਿੱਤਰ ਕੀੜੇ ਵੀ ਮਰ ਜਾਂਦੇ ਹਨ, ਜਿਹੜੇ ਕਿ ਧਰਤੀ ਦੀ ਉਪਜਾਊ ਸ਼ਕਤੀ ਵਧਾਉਣ ਵਿੱਚ ਮਦਦ ਕਰਦੇ ਹਨ।

# ਪਰਾਲੀ ਪ੍ਰਬੰਧਨ: ਉਪ ਮੰਡਲ ਮੈਜਿਸਟਰੇਟ ਤਪਾ ਵੱਲੋਂ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਮੀਟਿੰਗਾਂ

ਤਪਾ, (ਲੋਕ ਬਾਣੀ)ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀਮਤੀ ਪੂਨਮਦੀਪ ਕੌਰ ਆਈ.ਏ.ਐਸ. ਦੇ ਦਿਸ਼ਾ-ਨਿਰਦੇਸ਼ਾਂ ਹੇਠ ਪਰਾਲੀ ਪ੍ਰਬੰਧਨ ਸਬੰਧੀ ਮੁਹਿੰਮ ਜਾਰੀ ਹੈ। ਇਸ ਮੁਹਿੰਮ ਦੇ ਤਹਿਤ ਸ੍ਰੀ ਰਿਸ਼ਭ ਬਾਂਸਲ, ਪੀ.ਸੀ.ਐਸ., ਉਪ ਮੰਡਲ ਮੈਜਿਸਟਰੇਟ ਤਪਾ ਵੱਲੋਂ ਸਬ ਡਵੀਜ਼ਨ ਤਪਾ ਅਧੀਨ ਪੈਂਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨਾਲ ਮੀਟਿੰਗ ਕੀਤੀਆਂ ਗਈਆਂ।



ਇਨ੍ਹਾਂ ਕੈਂਪਾਂ/ਮੀਟਿੰਗਾਂ ਵਿੱਚ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਖੇਤੀਬਾੜੀ ਵਿਭਾਗ ਤੋਂ ਆਏ ਹੋਏ ਵੱਖ-ਵੱਖ ਖੇਤੀ ਮਾਹਿਰਾਂ ਅਤੇ ਅਧਿਕਾਰੀਆਂ ਨੇ ਦੱਸਿਆ ਕਿ ਇੱਕ ਏਕੜ ਵਿਚੋਂ ਲਗਭਗ 20 ਕੁਇੰਟਲ ਪਰਾਲੀ ਪੈਦਾ ਹੁੰਦੀ ਹੈ, ਜਿਸਨੂੰ ਅੱਗ ਲਗਾਉਣ ਨਾਲ ਧਰਤੀ ਦੀ ਉਪਜਾਊ ਸ਼ਕਤੀ ਬਹੁਤ ਘੱਟ ਜਾਂਦੀ ਹੈ ਅਤੇ ਨਾਲ ਹੀ ਵਾਤਾਵਰਨ ਵਿਚ ਜ਼ਹਿਰੀਲੀਆਂ ਗੈਸਾਂ ਪੈਦਾ ਹੁੰਦੀਆਂ ਹਨ ਜੋ ਕਿ ਮਨੁੱਖੀ ਸਿਹਤ ਅਤੇ ਹੋਰਨਾਂ ਜੀਵ-ਜੰਤੂਆਂ ਤੇ ਮਾੜਾ ਪ੍ਰਭਾਵ ਪਾਉਂਦੀਆਂ ਹਨ। ਉਨ੍ਹਾਂ ਦੱਸਿਆ ਕਿ ਅੱਗ ਲਗਾਉਣ ਨਾਲ ਧਰਤੀ ਵਿਚਲੇ ਕਈ ਮਿੱਤਰ ਕੀੜੇ ਵੀ ਮਰ ਜਾਂਦੇ ਹਨ, ਜਿਹੜੇ ਕਿ ਧਰਤੀ ਦੀ ਉਪਜਾਊ ਸ਼ਕਤੀ ਵਧਾਉਣ ਵਿੱਚ ਮਦਦ ਕਰਦੇ ਹਨ। ਇਸ ਮੌਕੇ ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਕਰਨ ਵਾਲੀਆਂ ਮਸ਼ੀਨਾਂ ਜਿਵੇਂ ਕਿ ਹੈਪੀ ਸੀਡਰ, ਸੁਪਰ ਸੀਡਰ, ਸਰਫੇਸ ਸੀਡਰ ਦੀ ਵਰਤੋਂ ਸਬੰਧੀ ਤਕਨੀਕੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਝੋਨੇ ਦੀ ਪਰਾਲੀ ਨੂੰ ਖੇਤ ਵਿਚ ਵਾਹੁਣ ਦੇ ਫਾਇਦਿਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਫਸਲਾਂ ਦੀ ਰਹਿੰਦ-ਖੂੰਹਦ ਵਰਤ ਕੇ ਖੇਤ ਦੀ ਉਪਜਾਊ ਸ਼ਕਤੀ ਵਧਾਈ ਜਾ ਸਕਦੀ ਹੈ ਅਤੇ ਪਸ਼ੂ-ਪਾਲਣ ਵਿੱਚ ਵੀ ਵੱਖ-ਵੱਖ ਤਰੀਕਿਆਂ ਨਾਲ ਵਰਤਿਆ ਜਾ ਸਕਦਾ ਹੈ ਜਿਸ ਨਾਲ ਪਸ਼ੂ ਪਾਲਕਾਂ ਦੀ ਆਰਥਿਕਤਾ ਨੂੰ ਹੁਲਾਰਾ ਮਿਲ ਸਕਦਾ ਹੈ।

# ਬੀਕੇਯੂ ਉਗਰਾਹਾਂ ਵੱਲੋਂ ਆਪ ਅਤੇ ਭਾਜਪਾ ਉਮੀਦਵਾਰਾਂ ਦੇ ਘਰਾਂ ਅੱਗੇ ਪੱਕੇ ਮੋਰਚੇ ਦਾ ਐਲਾਨ



ਭਵਾਨੀਗੜ੍ਹ, (ਲੋਕ ਬਾਣੀ)-ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਜ਼ਿਲ੍ਹਾ ਸੰਗਰੂਰ ਵੱਲੋਂ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਦੀ ਅਗਵਾਈ ਅਧੀਨ ਕਾਲਾਝਾੜ ਟੋਲ ਪਲਾਜੇ ਤੇ ਲਾਇਆ ਹੋਇਆ ਪੱਕਾ ਮੋਰਚਾ 18 ਵੇ ਦਿਨ ਵੀ ਜਾਰੀ ਰਿਹਾ। ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੂਬਾ ਮੀਤ ਪ੍ਰਧਾਨ ਜਨਕ ਸਿੰਘ ਭੁਟਾਲ ਅਤੇ ਸੂਬਾ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ ਵਿਸ਼ੇਸ਼ ਤੌਰ ਤੇ ਹਾਜਰ ਹੋਏ।

ਆਗੂਆਂ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਮੋਚਰ ਦੇ ਨਾਂ ਤੇ 126 ਕਿਸਮ ਅਤੇ ਬਾਸਮਤੀ ਕਿਸਮਾਂ ਦੀ ਲੁੱਟ ਵੱਡੇ ਪੱਧਰ ਤੇ ਕੀਤੀ ਗਈ ਹੈ, ਕਿਸਾਨ ਆਗੂਆਂ ਨੇ ਮੰਗ ਕੀਤੀ ਝੋਨਾ ਵੇਚਣ ਵੇਲੇ ਕਿਸਾਨਾਂ ਨੂੰ ਜੋ ਘਾਟਾ ਪਿਆ ਹੈ ਸਰਕਾਰ ਉਸਦੀ ਪੂਰਤੀ ਕਰੇ ਜਿਹੜੇ ਕਿਸਾਨਾਂ ਨੂੰ ਐੱਮ ਐੱਸ ਪੀ ਤੋਂ ਰੇਟ ਘੱਟ ਮਿਲਿਆ ਉਹ ਪਿੰਡ ਇਕਾਈਆਂ ਨਾਲ ਸੰਪਰਕ ਕਰਨ ਤਾਂ ਜ਼ੋ ਕਿਸਾਨਾਂ ਨੂੰ ਪਏ ਘਾਟੇ ਦੀ ਪੂਰਤੀ ਕਰਵਾਈ ਜਾਂ ਸਕੇ। ਜ਼ੋ ਝੋਨਾ ਮੰਡੀਆਂ ਵਿੱਚ ਪਿਆ ਹੈ ਅਤੇ ਖੇਤ ਵਿਚ ਖੜ੍ਹਾ ਹੈ ਉਹ ਬਿਲਕੁਲ ਸੁੱਕਾ ਹੈ। ਇਸ ਕਰਕੇ ਇਸ ਤੇ ਮੋਚਰ ਦੀ ਸ਼ਰਤ ਖ਼ਤਮ ਕੀਤੀ ਜਾਵੇ, ਦਾਗੀ ਦਾਣਿਆਂ ਦੀ ਸ਼ਰਤ ਖ਼ਤਮ ਕੀਤੀ ਜਾਵੇ, ਨਵੇਂ ਚੌਲਾਂ ਦੀ ਸਟੋਰੇਜ ਲਈ ਪੁਰਾਣੇ ਚੌਲਾਂ ਦੀ ਲਿਫਟਿੰਗ ਤੇਜ਼ੀ ਨਾਲ ਕੀਤੀ ਜਾਵੇ, ਲਾਲ ਐਂਟਰੀਆਂ ਕਰਨ ਦਾ ਜਬਰ ਸਿਲਸਿਲਾ ਖਤਮ ਕੀਤਾ ਜਾਵੇ, ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਉਹਨਾਂ ਦੀ ਮੰਗ ਅਨੁਸਾਰ ਮਿਥੋ ਅਤੇ ਹੱਕੀ ਮੰਗਾਂ ਵੀ ਮੰਨੋਂ ਪਰਾਲੀ ਦੇ ਨਿਪਟਾਰੇ ਵਾਸਤੇ ਕਿਸਾਨਾਂ 200 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ, ਡੀ ਏ ਪੀ ਦੀ ਕਮੀ ਜਲਦੀ ਦੂਰ ਕੀਤੀ ਜਾਵੇ ਜੋ ਕਿਸਾਨਾਂ ਵੱਲੋਂ ਰੇਅ ਸਪਰੇਅ ਦਵਾਈਆਂ ਖਾਦਾਂ ਵਰਤੀਆਂ ਜਾਂਦੀਆਂ ਹਨ ਉਹਨਾਂ ਨੂੰ ਚੈੱਕ ਕਰਨ ਵਾਸਤੇ ਸਰਕਾਰ ਲਿਬੋਟਰੀਆਂ ਦਾ ਪ੍ਰਬੰਧ ਕਰੇ ਤਾਂ ਜ਼ੋ ਕਿਸਾਨਾਂ ਦੀ ਲੁੱਟ ਨਾ ਹੋ ਸਕੇ। ਸੂਬਾ ਪ੍ਰਧਾਨ ਨੇ ਕਿਹਾ ਕਿ ਜ਼ਿਮਨੀ ਚੋਣਾਂ ਪੰਜਾਬ ਅੰਦਰ ਆਉਣ ਵਾਲੇ ਦਿਨਾਂ ਵਿਚ ਹੋ ਰਹੀਆਂ ਹਨ ਉਹਨਾਂ ਦੇ ਸੰਬੰਧ ਵਿੱਚ ਆਪ ਦੇ ਉਮੀਦਵਾਰਾਂ ਅਤੇ ਭਾਜਪਾ ਦੇ ਉਮੀਦਵਾਰਾਂ ਦੇ ਘਰਾਂ ਅੱਗੇ ਪੱਕੇ ਮੋਰਚੇ ਲਾਏ ਜਾਣਗੇ। ਉਹਨਾਂ ਕਿਹਾ ਕਿ ਜਿਨ੍ਹਾਂ ਮੰਡੀਆਂ ਵਿੱਚ ਝੋਨਾ ਨਹੀਂ ਵਿੱਕ ਰਿਹਾ ਅਤੇ ਕਣਕ ਬੀਜਣ ਲਈ ਦਿੱਕਤ ਆ ਰਹੀ ਹੈ ਕਿਸਾਨ ਉਸਤੇ ਪਹਿਰਾ ਦੇ ਕੇ ਅਪਣਾ ਫਰਜ਼ ਨਿਭਾਉਣ ਤਾਂ ਜ਼ੋ ਕਿਸਾਨਾਂ ਤੇ ਗਲਤ ਤਰੀਕੇ ਵਰਤ ਕੇ ਪਰਚੇ ਨਾ ਪਾ ਸਕਣ। ਇਸ ਸਮੇਂ ਜ਼ਿਲ੍ਹਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ, ਸੁਨਾਮ ਬਲਾਕ ਤੋਂ ਜਸਵੰਤ ਸਿੰਘ ਤੋਲਾਵਾਲ, ਭਵਾਨੀਗੜ੍ਹ ਬਲਾਕ ਤੋਂ ਅਜੈਬ ਸਿੰਘ ਲੱਖੇਵਾਲ, ਦਿੜ੍ਹਬਾ ਬਲਾਕ ਤੋਂ ਭਰਪੂਰ ਸਿੰਘ ਮੌੜਾਂ, ਧੂਰੀ ਬਲਾਕ ਤੋਂ ਜ਼ੋਰਾਂ ਸਿੰਘ ਕਧੰਰਗੜ ਛੰਨਾਂ, ਲਹਿਰਾ ਬਲਾਕ ਤੋਂ ਕਰਨੈਲ ਸਿੰਘ ਗਨੋਟਾ, ਸੰਗਰੂਰ ਬਲਾਕ ਤੋਂ ਜਗਤਾਰ ਸਿੰਘ ਲੱਡੀ, ਮਨੀ ਸਿੰਘ ਭੈਣੀ, ਅਤੇ ਗੀਤ ਕਾਰ ਮਿੱਠੂ ਸਿੰਘ ਕਿਲ੍ਹਾ ਭਰੀਆਂ ਆਦਿ ਨੇ ਸੰਬੋਧਨ ਕੀਤਾ।

## ਝੋਨਾ ਨਾ ਵਿਕਣ ਕਾਰਨ ਮੰਡੀਆਂ ਵਿੱਚ ਰੁਲ ਰਹੇ ਨੇ ਕਿਸਾਨ- ਸੁਖਵਿੰਦਰ ਸਿੰਘ



ਧੂਰੀ 4(ਲੋਕ ਬਾਣੀ) ਸਮੇਂ ਸਿਰ ਫਸਲ ਦੀ ਵਿਕਰੀ ਤੇ ਲਿਫਟਿੰਗ ਦੇ ਸਰਕਾਰ ਵੱਲੋਂ ਕੀਤੇ ਦਾਅਵੇ ਖੋਖਲੇ ਸਾਬਤ ਹੋਏ ਹਨ। ਇਸ ਵਾਰ ਪੰਜਾਬ ਦੇ ਕਿਸਾਨਾਂ ਨੇ ਇਸ ਵਾਰ ਦੀ ਦੀਵਾਲੀ ਮੰਡੀਆਂ ਵਿੱਚ ਹੀ ਮਨਾਈ। ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਆਗੂ ਸਰਦਾਰ ਸੁਖਵਿੰਦਰ ਸਿੰਘ ਪੇਧਨੀ ਅਤੇ ਕੁਲਵਿੰਦਰ ਸਿੰਘ ਪੇਧਨੀ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ 1 ਅਕਤੂਬਰ ਤੋਂ ਸਰਕਾਰੀ ਖਰੀਦ ਹੋਣ ਦੇ ਬਾਵਜੂਦ ਵੀ ਪੰਜਾਬ ਦੀ ਆਪ ਸਰਕਾਰ ਖਰੀਦ ਪ੍ਰਬੰਧ ਸੁਜਾਰੂ ਢੰਗ ਨਾਲ ਨਹੀਂ ਚਲਾ ਸਕੀ। ਕਿਸਾਨ ਮੰਡੀਆਂ ਵਿੱਚ ਰੁਲ ਰਹੇ ਹਨ, ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਅਜਿਹੀ ਦੁਰਦਸ਼ਾ ਲਈ ਕੇਂਦਰ ਅਤੇ ਪੰਜਾਬ ਸਰਕਾਰ ਜ਼ਿੰਮੇਵਾਰ ਹੈ।

17% ਨਮੀ ਵਾਲਾ ਝੋਨਾ ਵੀ ਮੰਡੀਆਂ ਵਿੱਚ ਨਹੀਂ ਖਰੀਦਿਆ ਜਾ ਰਿਹਾ। ਕਿਸਾਨ ਮੰਡੀਆਂ ਵਿੱਚ 15-20 ਦਿਨਾਂ ਤੋਂ ਬੈਠੇ ਹਨ। ਪੰਜਾਬ ਤੇ ਕੇਂਦਰ ਸਰਕਾਰ ਦੇਸ਼ ਦੇ ਅੰਨ ਭੰਡਾਰ ਨੂੰ ਕਾਰਪੋਰੇਟ ਘਰਾਨਿਆਂ ਦੇ ਹੱਥਾਂ ਦੇ ਵਿੱਚ ਦੇ ਕੇ ਮਾਰਕੀਟ ਕਮੇਟੀਆਂ ਨੂੰ ਖਤਮ ਕਰਨ ਲਈ ਤੁਲੀਆਂ ਹੋਈਆਂ ਹਨ। ਆਗੂਆਂ ਨੇ ਕਿਹਾ ਕਿ ਪ੍ਰਸ਼ਾਸਨ ਨੂੰ ਸੈਟੇਲਾਈਟ ਸਿਸਟਮ ਰਾਹੀਂ ਕਿਸਾਨਾਂ ਦੀ ਪਰਾਲੀ ਨੂੰ ਲੱਗੀ ਅੱਗ ਤਾਂ ਦਿਸ ਰਹੀ ਹੈ ਪਰੰਤੂ ਮੰਡੀਆਂ ਵਿੱਚ ਕਿਸਾਨ ਖੱਜਲ ਖੁਆਰ ਹੁੰਦੇ ਨਹੀਂ ਦਿਸ ਰਹੇ। ਕਿਸਾਨ ਆਗੂਆਂ ਨੇ ਕਿਹਾ ਕਿ ਕਣਕ ਦੀ ਬਿਜਾਈ ਦਾ ਸਮਾਂ ਹੈ, ਡੀ ਏ ਪੀ ਖਾਦ ਕਿਸਾਨਾਂ ਨੂੰ ਨਹੀਂ ਮਿਲ ਰਹੀ। ਦੁਕਾਨਦਾਰ ਕਿਸਾਨਾਂ ਨੂੰ ਇੱਕ ਬੋਰੀ ਡੀ ਏ ਪੀ ਨਾਲ 1000 ਤੋਂ 1200 ਦਾ ਬੇਲੋੜਾ ਸਮਾਨ ਮੜ ਰਹੇ ਹਨ। ਜੇਕਰ ਕੋਈ ਕਿਸਾਨ ਇਹ ਸਮਾਨ ਨਹੀਂ ਲੈਣਾ ਚਾਹੁੰਦਾ ਤਾਂ ਉਸ ਨੂੰ ਡੀ ਏ ਪੀ ਖਾਦ ਤੋਂ ਕੋਰਾ ਜਵਾਬ ਮਿਲਦਾ ਹੈ। ਉਨ੍ਹਾਂ ਸਰਕਾਰਾਂ ਤੋਂ ਮੰਗ ਕੀਤੀ ਕਿ ਕਿਸਾਨਾਂ ਨੂੰ ਮੰਡੀਆ ਦੇ ਵਿੱਚੋਂ ਜਲਦ ਵਿਹਲਾ ਕੀਤਾ ਜਾਵੇ ਅਤੇ ਡੀ ਏ ਪੀ ਖਾਦ ਦੀ ਕਾਲਾ ਬਜ਼ਾਰੀ ਖਤਮ ਕੀਤੀ ਜਾਵੇ।

## ਪਰਾਲੀ ਸਾੜਨ ਤੋਂ ਰੋਕਣ ਲਈ ਤਹਿਸੀਲਦਾਰ ਮਨਮੋਹਨ ਕੋਸ਼ਿਕ ਵੱਲੋਂ ਧੂਰੀ ਸਬ ਡਵੀਜ਼ਨ ਦੇ ਕਈ ਪਿੰਡਾਂ ਦਾ ਦੌਰਾ



ਧੂਰੀ, (ਲੋਕ ਬਾਣੀ) ਉਪ ਮੰਡਲ ਮੈਜਿਸਟਰੇਟ ਵਿਕਾਸ ਹੀਰਾ ਦੀ ਅਗਵਾਈ ਹੇਠ ਤਹਿਸੀਲਦਾਰ ਮਨਮੋਹਨ ਕੌਸ਼ਿਕ ਨੇ ਸਬ ਡਵੀਜ਼ਨ ਦੇ ਵੱਡੀ ਗਿਣਤੀ ਪਿੰਡਾਂ ਵਿੱਚ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ। ਸ਼੍ਰੀ ਕੌਸ਼ਿਕ ਨੇ ਪਿੰਡ ਮੀਰਹੇੜੀ, ਬੁੱਗਰਾਂ, ਰਾਜੋਮਾਜਰਾ, ਧੂਰਾ, ਭਲਵਾਨ, ਪਲਾਸੌਰ ਆਦਿ ਪਿੰਡਾਂ ਵਿੱਚ ਜਾ ਕੇ ਸੱਥਾਂ ਵਿੱਚ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਅਤੇ ਪਰਾਲੀ ਸਾੜਨ ਨਾਲ ਪੈਦਾ ਹੁੰਦੇ ਜ਼ਹਿਰੀਲੇ ਧੂਏ ਦੇ ਨੁਕਸਾਨਾਂ ਬਾਰੇ ਜਾਣੂ ਕਰਵਾਇਆ। ਤਹਿਸੀਲਦਾਰ ਨੇ ਪਿੰਡ ਮੀਰਹੇੜੀ ਵਿੱਚ ਨਾੜ ਸਾੜਨ ਦਾ ਮਾਮਲਾ ਸਾਹਮਣੇ ਆਉਣ ਤੇ ਫੌਰੀ ਅੱਗ ਬੁਝਾਉਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ।

ਤਹਿਸੀਲਦਾਰ ਨੇ ਕਿਸਾਨਾਂ ਨੂੰ ਬੇਲਰ ਰਾਹੀਂ ਪਰਾਲੀ ਦੀਆਂ ਗੱਠਾਂ ਬਣਵਾ ਕੇ ਯੋਗ ਪ੍ਰਬੰਧਨ ਲਈ ਕਿਹਾ ਅਤੇ ਇਸ ਕਾਰਜ ਨੂੰ ਪਹਿਲਾਂ ਤੋਂ ਹੀ ਸਫਲਤਾ ਨਾਲ ਨੇਪਰੇ ਚੜਾ ਰਹੇ ਕਿਸਾਨਾਂ ਦੀ ਹੋਂਸਲਾ ਅਫਜਾਈ ਵੀ ਕੀਤੀ। ਮਨਮੋਹਨ ਕੋਸ਼ਿਕ ਨੇ ਕਿਹਾ ਕਿ ਸਬ ਡਵੀਜ਼ਨ ਦੇ ਪਿੰਡਾਂ ਵਿੱਚ ਫਸਲਾਂ ਦੀ ਰਹਿੰਦ ਖੂਹਦ ਨੂੰ ਮਿੱਟੀ ਵਿੱਚ ਰਲਾ ਕੇ ਉਪਜਾਊ ਸ਼ਕਤੀ ਵਿੱਚ ਵਾਧਾ ਕਰਨ ਵਾਲੇ ਕਿਸਾਨ ਵਧਾਈ ਦੇ ਪਾਤਰ ਹਨ ਜਿਨਾਂ ਨੇ ਵਾਤਾਵਰਨ ਦੀ ਸੁਰੱਖਿਆ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਹੈ।

## ਮੰਡੀਆਂ ਚ ਹੋ ਰਹੀ ਲੁੱਟ ਨੂੰ ਲੈ ਕੇ ਕਿਸਾਨਾਂ ਚ ਪਾਇਆ ਜਾ ਰਿਹਾ ਰੋਸ਼, ਐੱਸਡੀਐੱਮ ਨੂੰ ਦਿੱਤਾ ਮੰਗ ਪੱਤਰ



ਡੇਰਾਬੱਸੀ, (ਲੋਕ ਬਾਣੀ) ਡੇਰਾਬੱਸੀ ਮੰਡੀਆ ਚ ਝੋਨੇ ਦੀ ਫਸਲ ਦੇ ਢੇਰਾਂ ਨੂੰ ਲੈ ਕੇ ਕਾਫੀ ਕਿਸਾਨ ਕਾਫੀ ਚਿੰਤਤ ਹਨ ਅਤੇ ਇਸ ਦੇ ਨਾਲ ਹੀ ਫਸਲ ਦੀ ਕਟੌਤੀ ਕਰਕੇ ਹੋ ਰਹੀ ਲੁੱਟ ਨੂੰ ਲੈਕੇ ਕਿਸਾਨਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਅਜਿਹੇ ਵਿੱਚ ਕਿਸਾਨਾਂ ਦੇ ਹੱਕ ਵਿੱਚ ਨਿੱਤਰਦੀਆਂ ਕਿਸਾਨ ਜਥੇਬੰਦੀਆਂ ਨੇ ਅੱਜ ਐਸਡੀਐਮ ਦਫ਼ਤਰ ਪਹੁੰਚ ਕੇ ਮੰਗ ਪੱਤਰ ਦਿੱਤਾ, ਜਿਸ ਵਿੱਚ ਆੜਤੀ ਖ਼ਿਲਾਫ਼ ਕਾਰਵਾਈ ਦੀ ਮੰਗ ਕਰਦਿਆਂ ਮੰਡੀ ਵਿੱਚ ਕਿਸਾਨਾਂ ਦੀ ਹੋ ਰਹੀ ਲੁੱਟ ਬੰਦ ਕਰਨ ਦੀ ਮੰਗ ਕੀਤੀ।

ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਜ਼ਿਲ੍ਹਾ ਮੁਹਾਲੀ ਦੇ ਪ੍ਰਧਾਨ ਕਿਰਪਾਲ ਸਿੰਘ ਸਿਆਊ ਦੀ ਅਗਵਾਈ ਹੇਠ ਐਸਡੀਐਮ ਅਮਿਤ ਗੁਪਤਾ ਨੂੰ ਮੰਗ ਪੱਤਰ ਸੌਂਪਣ ਆਏ ਕਿਸਾਨਾਂ ਨੇ ਡੇਰਾਬੱਸੀ ਦੀ ਧਨੌਨੀ, ਅਮਲਾਲਾ ਅਤੇ ਸਮਗੌਲੀ ਮੰਡੀ ਵਿੱਚ ਆ ਰਹੀਆਂ ਮੁਸ਼ਕਲਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਨੇ ਪੂਰੀ ਅਦਾਇਗੀ ਨਾ ਮਿਲਣਾ, 150 ਤੋਂ 200 ਰੁਪਏ ਪ੍ਰਤੀ ਕੁਇੰਟਲ ਦੀ ਨਾਜਾਇਜ਼ ਕਟੌਤੀ ਅਤੇ ਹੋਰ ਸਮੱਸਿਆਵਾਂ ਬਾਰੇ ਦੱਸਿਆ। ਇਸ ਮੌਕੇ ਕਿਸਾਨਾਂ ਨੇ ਆੜਤੀ ਗੁਰਵਿੰਦਰ ਸਿੰਘ ਖ਼ਿਲਾਫ਼ ਲਿਖਤੀ ਸ਼ਿਕਾਇਤ ਵੀ ਦਰਜ ਕਰਵਾਈ, ਜਿਸ ਵਿੱਚ ਦੋਸ਼ ਲਾਇਆ ਕਿ ਪਿੰਡ ਸ਼ੇਖਪੁਰਾ ਦੇ ਕਿਸਾਨ ਦਲਵੀਰ ਸਿੰਘ ਦੀ ਫ਼ਸਲ ਦੀ ਪਰਚੀ ਕੱਟੀ ਗਈ ਹੈ, ਪਰ ਭਰੀ ਨਹੀਂ ਜਾ ਰਹੀ। ਜੇ ਫਾਰਮ ਆੜਤੀ ਵੱਲੋਂ ਨਹੀਂ ਕੱਟੇ ਜਾ ਰਹੇ ਹਨ ਅਤੇ 150 ਰੁਪਏ ਪ੍ਰਤੀ ਕੁਇੰਟਲ ਦੀ ਕਟੌਤੀ ਕਰਨ ਦੀ ਮੰਗ ਕੀਤੀ ਹੈ, ਕਿਸਾਨਾਂ ਨੇ ਮੰਡੀਆਂ ਵਿੱਚ ਹੋ ਰਹੀ ਨਜਾਇਜ਼ ਲੁੱਟ ਬੰਦ ਕਰਨ ਦੀ ਅਪੀਲ ਕੀਤੀ ਹੈ। ਕਿਸਾਨਾਂ ਨੇ ਕਿਹਾ ਕਿ ਸਰਕਾਰੀ ਨੀਤੀਆਂ ਅਤੇ ਮਹਿੰਗਾਈ ਨੇ ਪਹਿਲਾਂ ਹੀ ਕਿਸਾਨਾਂ ਦਾ ਲੱਕ ਤੋੜ ਦਿੱਤਾ ਹੈ। ਅਗਲੀ ਫਸਲ ਦੀ ਬਿਜਾਈ ਦਾ ਸਮਾਂ ਆ ਗਿਆ ਹੈ, ਕਿਸਾਨ ਫਸਲ ਕਟੌਤੀ ਕਰਵਾ ਕੇ ਵੇਚਣ ਲਈ ਮਜਬੂਰ ਹਨ। ਜੇਕਰ ਆਪਣੀ ਫ਼ਸਲ ਦੀ ਕਟੌਤੀ ਤੋਂ ਬਿਨਾਂ ਵੇਚੇ ਜਾਣ ਦੀ ਉਡੀਕ ਕਰਦੇ ਹੋ, ਤਾਂ ਅਗਲੀ ਫ਼ਸਲ ਲਈ ਸਮਾਂ ਗੁਆ ਦੇਵੋਗੇ। ਉਨ੍ਹਾਂ ਕਿਹਾ ਕਿ ਮੰਡੀਆ ਵਿੱਚ ਕਿਸਾਨਾਂ ਦੀ ਲੁੱਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਐਸਡੀਐਮ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਕਿਸਾਨਾਂ ਨਾਲ ਕੋਈ ਧੱਕੇਸ਼ਾਹੀ ਨਹੀਂ ਹੋਣ ਦਿੱਤੀ ਜਾਵੇਗੀ ਅਤੇ ਜਾਂਚ ਕਰਵਾਈ ਜਾਵੇਗੀ।

ਇਸ ਮੌਕੇ ਕਰਮ ਸਿੰਘ ਕਾਰਕੋਰ ਬਲਾਕ ਪ੍ਰਧਾਨ ਡੇਰਾਬੱਸੀ, ਜ਼ਿਲ੍ਹਾ ਜਨਰਲ ਸਕੱਤਰ ਸਰਪੰਚ ਲਖਵਿੰਦਰ ਸਿੰਘ ਕਰਾਲਾ, ਅਵਤਾਰ ਸਿੰਘ ਜਵਾਹਰਪੁਰ ਮੀਤ ਪ੍ਰਧਾਨ ਜ਼ਿਲ੍ਹਾ ਮੁਹਾਲੀ, ਕਿਸਾਨ ਦਲਬੀਰ ਸਿੰਘ ਸ਼ੇਖਪੁਰਾ, ਜਗਤਾਰ ਸਿੰਘ ਧਨੌਨੀ, ਰਤਨ ਸਿੰਘ ਅਮਲਾਲਾ ਬਲਾਕ ਸਕੱਤਰ, ਰਾਮ ਸਿੰਘ ਬਰੋਲੀ, ਬੇਅੰਤ ਸਿੰਘ ਸ਼ੇਖਪੁਰਾ, ਪੱਪੀ ਫੌਜੀ ਸਮੇਤ ਹੋਰ ਕਿਸਾਨ ਵੀ ਹਾਜ਼ਰ ਸਨ।

# ਸਵੀਪ ਗਤੀਵਿਧੀਆਂ ਰਾਹੀਂ ਵੋਟਰ ਜਾਗਰੂਕਤਾ ਸੈਮੀਨਾਰ

ਬਰਨਾਲਾ, (ਲੋਕ ਬਾਣੀ) ਡਿਪਟੀ ਕਮਿਸ਼ਨਰ ਕਮ - ਜ਼ਿਲ੍ਹਾ ਚੋਣ ਅਫਸਰ ਬਰਨਾਲਾ ਸ੍ਰੀਮਤੀ ਪੂਨਮਦੀਪ ਕੌਰ ਦੀ ਅਗਵਾਈ ਹੇਠ, ਸਹਾਇਕ ਕਮਿਸ਼ਨਰ (ਜ) ਕਮ ਜ਼ਿਲ੍ਹਾ ਸਵੀਪ ਨੋਡਲ ਅਫਸਰ ਬਰਨਾਲਾ ਸ੍ਰੀ ਰਾਜਨ ਗੋਇਲ ਦੀ ਰਹਿਨੁਮਾਈ ਹੇਠ ਸਵੀਪ ਜਾਗਰੂਕਤਾ ਅਭਿਆਨ ਚੱਲ ਰਿਹਾ ਹੈ ਇਸੇ ਲੜੀ ਤਹਿਤ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਬਰਜਿੰਦਰਪਾਲ ਸਿੰਘ ਦੇ ਸੰਚਾਲਨ ਹੇਠ ਪ੍ਰਿੰਸੀਪਲ ਮੇਜਰ ਸਿੰਘ, ਮਾਸਟਰ ਅਵਨੀਸ਼ ਕੁਮਾਰ ਨਾਲ ਐਸ .ਐਸ. ਡੀ ਕਾਲਜ ਬਰਨਾਲਾ ਵਿਖੇ ਸਵੀਪ ਗਤੀਵਿਧੀਆਂ ਦੇ ਤਹਿਤ ਵੋਟਰ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਬਾਲਗ ਵੋਟਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲੈਂਦੇ ਹੋਏ ਵੋਟ ਦੇ ਅਧਿਕਾਰ ਸੰਬੰਧੀ ਜਾਣਕਾਰੀ ਪ੍ਰਾਪਤ ਕੀਤੀ , ਇਸ ਮੌਕੇ ਤੇ ਬੋਲਦਿਆਂ ਡਾ.ਬਰਜਿੰਦਰਪਾਲ ਸਿੰਘ ਨੇ ਕਿਹਾ ਕਿ ਨੌਜਵਾਨਾਂ ਦੀ ਭਾਗੇਦਾਰੀ ਨੂੰ ਵਧਾਉਣ, ਲੋਕਤੰਤਰੀ ਕਦਰਾਂ ਕੀਮਤਾਂ ਦੇ ਵਿਕਾਸ ਲਈ ਵੋਟ ਪਾਉਣ ਲਈ ਪ੍ਰੇਰਿਤ ਕਰਨਾ ,ਜਨ- ਜਨ ਤੱਕ ਮਤਦਾਨ ਦੀ ਪ੍ਰੇਰਨਾ, ਸਵੀਪ ਜਾਗਰੂਕਤਾ ਦੌਰਾਨ ਮਤਦਾਨ ਮੱਤ + ਦਾਨ ਭਾਵ ਆਪਣੀ ਬੁੱਧੀ ਵਿਵੇਕ ਰਾਹੀਂ ਆਪਣੇ ਨੁਮਾਇੰਦਿਆਂ ਦੀ ਚੋਣ ਕਰਨ ਲਈ ਵਿਸਥਾਰ ਪੂਰਕ ਜਾਣਕਾਰੀ ਦਿੱਤੀ, ਇਸ ਦੇ ਨਾਲ ਹੀ ਉਹਨਾਂ ਨੇ ਦੱਸਿਆ ਕਿ ਵੋਟਰ ਕਾਰਡ ਤੋਂ ਬਿਨਾਂ ਵੀ ਕਿਸੇ ਵੀ ਪਹਿਚਾਣ ਪੱਤਰ ਰਾਹੀਂ ਵੋਟ ਪਾਈ ਜਾ ਸਕਦੀ ਹੈ, ਇਸ ਮੌਕੇ ਤੇ ਉਹਨਾਂ ਵੋਟ ਦੇ ਮਹੱਤਵ ਸਬੰਧੀ ਇਤਿਹਾਸ ਦੀ ਜਾਣਕਾਰੀ ਦਿੱਤੀ, ਐਸ. ਐਸ.ਡੀ ਕਾਲਜ ਦੇ ਪ੍ਰਿੰਸੀਪਲ ਡਾ. ਰਾਕੇਸ਼ ਜਿੰਦਲ ਨੇ ਵਿਦਿਆਰਥੀਆਂ ਨੂੰ ਸਵੀਪ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਵੋਟ ਦੇਣਾ ਸਾਡੇ ਲਈ ਬਹੁਤ ਜਰੂਰੀ ਹੈ, ਉਹਨਾਂ ਸਟਾਫ ਅਤੇ ਵਿਦਿਆਰਥੀਆਂ ਤੋਂ ਵੋਟ ਪਾਉਣ ਲਈ ਪ੍ਰਣ ਕਰਵਾਇਆ, ਪ੍ਰਿੰਸੀਪਲ ਮੇਜਰ ਸਿੰਘ ਨੇ ਵਿਦਿਆਰਥੀ ਵਰਗ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜਾਗਰੂਕ ਹੋ ਕੇ ਵੋਟ ਪਾਉਣ ਅਤੇ ਪਵਾਉਣ ਲਈ ਕਾਰਜ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਸਭ ਦੀ ਭਾਗੀਦਾਰੀ ਨਾਲ ਹੀ ਦੇਸ਼ ਦਾ ਵਿਕਾਸ ਸੰਭਵ ਹੈ, ਇਸ ਲਈ ਆਪਣੀ ਵੋਟ ਦਾ ਹਮੇਸ਼ਾ ਪ੍ਰਯੋਗ ਕਰੋ, ਮਾਸਟਰ ਅਵਨੀਸ਼ ਕੁਮਾਰ ਨੇ ਨੌਜਵਾਨਾਂ ਨੂੰ ਸਿੱਖਿਆ



ਸੇਧ ਦਿੰਦੇ ਹੋਏ ਕਿਹਾ ਕਿ ਵੋਟਰ ਸ਼ਾਖਰਤਾ ਲਈ ਵਿਦਿਆਰਥੀਆਂ, ਸਮਾਜ ਨੂੰ ਵੋਟ ਪਾਉਣ ਲਈ ਪ੍ਰੇਰਿਤ ਕਰਨਾ ਬਹੁਤ ਜ਼ਰੂਰੀ ਹੈ, ਵੋਟ ਪਾਉਣ ਨਾਲ ਸਾਡਾ ਵਿਕਾਸ ਸੰਭਵ ਹੈ ਕਿਉਂਕਿ ਅਸੀਂ ਆਪਣੇ ਲਈ ਸਹੀ ਸ਼ਾਸਨ ਦੀ ਚੋਣ ਕਰਦੇ ਹਾਂ, ਲੈਕਚਰਾਰ ਅਰਚਨਾ, ਲੈਕਚਰਾਰ ਲਵਪ੍ਰੀਤ ਸਿੰਘ, ਪ੍ਰਿਤਪਾਲ ਸਿੰਘ ਨੇ ਸਰਕਾਰੀ ਹਾਈ ਸਕੂਲ ਉਪਲੀ ਵਿਖੇ ਵਿਦਿਆਰਥੀ ਵਰਗ ਅਤੇ ਪਿੰਡ ਵਾਸੀਆਂ ਨੂੰ ਵੋਟਰ ਜਾਗਰੂਕਤਾ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਵੀਪ ਸਿਰਫ ਇੱਕ ਗਤੀਵਿਧੀ ਨਹੀਂ ਇਹ ਇੱਕ ਮਿਸ਼ਨ ਹੈ ,ਅਜੋਕੇ ਸਮੇਂ ਵਿੱਚ ਵਪਾਰਕ ,ਘਰੇਲੂ, ਸਮਾਜਿਕ ਗਤੀਵਿਧੀਆਂ ਵੋਟ ਦੇ ਆਸ- ਪਾਸ ਹੀ ਘੁੰਮਦੀਆਂ ਹਨ , ਆਪਣੇ ਵੋਟ ਦੇ ਅਧਿਕਾਰ ਨੂੰ ਵਰਤੋ ਕਰਦੇ ਹੋਏ ਦੇਸ਼ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਦੇਣਾ ਹੈ, ਵੋਟ ਪਾਉਣਾ ਸਾਡਾ ਮੁਢਲਾ ਅਧਿਕਾਰ ਅਤੇ ਫਰਜ਼ ਹੈ ਇਸ ਸਬੰਧੀ ਮੁੱਖ-ਅਧਿਆਪਕ ਰੋਬਿਨ ਗੁਪਤਾ ਨੇ ਸੰਦੇਸ਼ ਦਿੰਦੇ ਹੋਏ ਵੋਟ ਪਾਉਣ ਲਈ ਜਾਗਰੂਕ ਕੀਤਾ। ਇਸ ਮੌਕੇ ਤੇ ਐਸ.ਐਸ.ਡੀ ਕਾਲਜ ਬਰਨਾਲਾ ਅਤੇ ਸਰਕਾਰੀ ਹਾਈ ਸਕੂਲ ਉੱਪਲੀ ਦਾ ਸਮੂਹ ਸਟਾਫ ਹਾਜ਼ਰ ਰਿਹਾ।

# ਪਰਾਲੀ ਸਾੜਨ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਲਗਾਤਾਰ ਸਰਗਰਮ

ਬਰਨਾਲਾ,(ਲੋਕ ਬਾਣੀ) ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੀ ਰੌਸ਼ਨੀ ਵਿੱਚ ਜ਼ਿਲ੍ਹਾ ਬਰਨਾਲਾ ਵਿੱਚ ਪਰਾਲੀ ਪ੍ਰਬੰਧਨ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਲਗਾਤਾਰ ਸਰਗਰਮ ਹਨ।



ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਪਿੰਡਾਂ ਵਿਚ ਸਰਗਰਮ ਹਨ ਅਤੇ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਿਸ ਬਦੌਲਤ ਮੁਹਿੰਮ ਨੂੰ ਸਾਕਾਰਾਤਮਕ ਹੁੰਗਾਰਾ ਮਿਲ ਰਿਹਾ ਹੈ ਅਤੇ ਪਿਛਲੇ ਸਾਲ ਦੇ ਮੁਕਾਬਲੇ ਸਥਿਤੀ ਬਹੁਤ ਬਿਹਤਰ ਹੈ। ਉਹਨਾਂ ਪਰਾਲੀ ਨੂੰ ਅੱਗ ਨਾ ਲਾ ਕੇ ਵਾਤਾਵਰਨ ਸੰਭਾਲ ਮੁਹਿੰਮ ਵਿਚ ਯੋਗਦਾਨ ਪਾਉਣ ਵਾਲੇ ਅਗਾਂਹਵਧੂ ਕਿਸਾਨਾਂ ਦੀ ਸ਼ਲਾਘਾ ਕੀਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਹ ਖੁਦ ਪਲ ਪਲ ਪਰਾਲੀ ਦੇ ਮਾਮਲਿਆਂ ਤੇ ਨਜ਼ਰ ਰੱਖ ਰਹੇ ਹਨ ਅਤੇ ਹੋਰ ਸੀਨੀਅਰ ਅਧਿਕਾਰੀਆਂ ਸਮੇਤ ਕਲੱਸਟਰ ਅਫ਼ਸਰ, ਸਹਾਇਕ ਕਲੱਸਟਰ ਅਫ਼ਸਰ, ਨੋਡਲ ਅਫ਼ਸਰ ਅਤੇ ਪਿੰਡ ਪੱਧਰੀ ਟੀਮਾਂ ਪਿੰਡਾਂ ਵਿੱਚ ਲਗਾਤਾਰ ਸਰਗਰਮ ਹਨ। ਉਹਨਾਂ ਕਿਹਾ ਕਿ ਪਿੰਡਾਂ ਵਿਚ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ, ਮਸ਼ੀਨਰੀ ਦੀਆਂ ਸੂਚੀਆਂ ਚਸਪਾਂ ਕੀਤੀਆਂ ਗਈਆਂ ਹਨ ਅਤੇ ਘਰ ਘਰ ਜਾ ਕੇ ਪਰਾਲੀ ਨਾ ਸਾੜਨ ਦਾ ਹੋਕਾ ਦਿੱਤਾ ਜਾ ਰਿਹਾ ਹੈ।

ਉਹਨਾਂ ਕਿਹਾ ਕਿ ਪਿੰਡ ਦੇ ਮੋਹਤਬਰਾਂ ਅਤੇ ਅਗਾਂਹਵਧੂ ਕਿਸਾਨਾਂ ਦੇ ਸਹਿਯੋਗ ਸਦਕਾ ਪਿਛਲੇ ਸਾਲ ਦੇ ਮੁਕਾਬਲੇ ਸਥਿਤੀ ਕਈ ਗੁਣਾ ਬਿਹਤਰ ਹੈ। ਉਹਨਾਂ ਦੱਸਿਆ ਕਿ ਇਸ ਵਾਰ ਸਹਿਕਾਰੀ ਸਭਾਵਾਂ ਨੂੰ ਪਿਛਲੇ ਸਾਲ ਦੇ ਮੁਕਾਬਲੇ ਵੱਧ ਮਸ਼ੀਨਰੀ ਉਪਲਬਧ ਕਰਵਾਈ ਗਈ ਹੈ।

ਉਹਨਾਂ ਕਿਹਾ ਕਿ ਟੀਮਾਂ ਵਲੋਂ ਘਰ ਘਰ ਇਹ ਸੁਨੇਹਾ ਦਿੱਤਾ ਜਾ ਰਿਹਾ ਹੈ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਧਰਤੀ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਨਾਲ ਹੀ ਵਾਤਾਵਰਨ ਵਿਚ ਜ਼ਹਿਰੀਲੀਆਂ ਗੈਸਾਂ ਪੈਦਾ ਹੁੰਦੀਆਂ ਹਨ ਜੋ ਕਿ ਮਨੁੱਖੀ ਸਿਹਤ ਅਤੇ ਹੋਰਨਾਂ ਜੀਵ-ਜੰਤੂਆਂ ਤੇ ਮਾੜਾ ਪ੍ਰਭਾਵ ਪਾਉਂਦੀਆਂ ਹਨ। ਉਨ੍ਹਾਂ ਦੱਸਿਆ ਕਿ ਅੱਗ ਲਗਾਉਣ ਨਾਲ ਧਰਤੀ ਵਿਚਲੇ ਕਈ ਮਿੱਤਰ ਕੀੜੇ ਵੀ ਮਰ ਜਾਂਦੇ ਹਨ, ਜਿਹੜੇ ਕਿ ਧਰਤੀ ਦੀ ਉਪਜਾਊ ਸ਼ਕਤੀ ਵਧਾਉਣ ਵਿੱਚ ਮਦਦ ਕਰਦੇ ਹਨ।

# ਸਿਹਤ ਵਿਭਾਗ ਵਲੋਂ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾ ਰਿਹਾ ਜਾਗਰੂਕ

ਬਰਨਾਲਾ, (ਲੋਕ ਬਾਣੀ) ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਦੇ ਦਿਸ਼ਾ - ਨਿਰਦੇਸ਼ਾਂ ਅਧੀਨ ਜ਼ਿਲ੍ਹਾ ਬਰਨਾਲਾ ਵਿੱਚ ਤੰਬਾਕੂ ਕੰਟਰੋਲ ਐਕਟ ਦੀ ਉਲੰਘਣਾ ਨੂੰ ਰੋਕਣ ਲਈ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲੋਕਾਂ ਨੂੰ ਤੰਬਾਕੂ ਪਦਾਰਥਾਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਤੰਬਾਕੂ ਕੰਟਰੋਲ ਐਕਟ ਦੀ ਉਲੰਘਣਾ ਕਰਨ ਵਾਲਿਆਂ ਨੂੰ ਮੌਕੇ ਤੇ ਜੁਰਮਾਨਾ ਕੀਤਾ ਜਾ ਰਿਹਾ ਹੈ।

ਇਹ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਬਰਨਾਲਾ ਡਾ. ਤਪਿੰਦਰਜੋਤ ਕੌਸ਼ਲ ਨੇ ਦੱਸਿਆ ਕਿ ਤੰਬਾਕੂ ਕੰਟਰੋਲ ਐਕਟ ਦੀ ਜ਼ਿਲ੍ਹਾ ਭਰ ਚ ਉਲੰਘਣਾ ਨੂੰ ਰੋਕਣ ਲਈ ਜ਼ਿਲ੍ਹਾ, ਬਲਾਕ ਤੇ ਸਬ ਸੈਂਟਰ ਪੱਧਰ ਤੇ ਟੀਮਾਂ ਕੰਮ ਕਰ ਰਹੀਆਂ ਹਨ। ਜ਼ਿਲ੍ਹਾ ਪੱਧਰ ਤੇ ਸਿਹਤ ਵਿਭਾਗ ਦੀ ਟੀਮ ਵਿੱਚ ਸੁਰਿੰਦਰ ਸਿੰਘ, ਗੁਰਮੇਲ ਸਿੰਘ ਢਿੱਲੋਂ ਸਿਹਤ ਸੁਪਰਵਾਇਜ਼ਰ, ਮਨਪ੍ਰੀਤ ਸ਼ਰਮਾ ਅਤੇ ਗਣੇਸ਼ ਦੱਤ ਨੇ ਜਾਣਕਾਰੀ ਦਿੱਤੀ ਕਿ ਸਿਹਤ ਵਿਭਾਗ ਬਰਨਾਲਾ ਵੱਲੋਂ ਬਰਨਾਲਾ ਸ਼ਹਿਰ ਵਿੱਚ ਰੇਲਵੇ ਸਟੇਸ਼ਨ, ਬੱਸ ਸਟੈਂਡ, ਸਬਜ਼ੀ ਮੰਡੀ 22 ਏਕੜ ਆਦਿ ਥਾਵਾਂ ਤੇ ਉਲੰਘਣਾ ਕਰਨ ਵਾਲੇ ਵਿਆਕਤੀਆਂ ਨੂੰ ਮੌਕੇ ਤੇ ਜੁਰਮਾਨਾ ਕੀਤਾ ਗਿਆ।

ਸਿਹਤ ਵਿਭਾਗ ਦੀ ਟੀਮ ਨੇ ਮੌਕੇ ਤੇ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਕਿ ਤੰਬਾਕੂ ਪਦਾਰਥਾਂ ਦੇ ਸੇਵਨ ਬਹੁਤ ਹੀ ਖਤਰਨਾਕ ਹੈ ਇਸ ਨਾਲ ਕੈਂਸਰ, ਟੀਬੀ, ਸਾਹ ਦੀਆਂ ਬਿਮਾਰੀਆਂ,ਬਲੱਡ ਪ੍ਰੈਸ਼ਰ ਅਤੇ ਹੋਰ ਬਹੁਤ ਸਾਰੀਆਂ ਮਾਰੂ ਬਿਮਾਰੀਆਂ ਲੱਗ ਜਾਂਦੀਆਂ ਹਨ। ਇਸ ਮੌਕੇ ਤੰਬਾਕੂ ਕੰਟਰੋਲ ਕੰਟਰੋਲ ਐਕਟ 2003 ਅਤੇ ਫੂਡ ਸੇਫਟੀ ਐਂਡ ਸਟੈਂਡਰਡ ਐਕਟ 2006 ਬਾਰੇ ਜਾਣਕਾਰੀ ਦਿੱਤੀ ਗਈ।



# ਡੀ.ਏ.ਪੀ ਖਾਦ ਦੀ ਕਾਲਾਬਜ਼ਾਰੀ ਰੋਕਣ ਲਈ ਖਾਦ ਡੀਲਰਾਂ ਦੀ ਅਚਨਚੇਤ ਚੈਕਿੰਗ ਜਾਵੇਗੀ

ਭਵਾਨੀਗੜ, (ਲੋਕ ਬਾਣੀ) ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਦੀਆਂ ਹਦਾਇਤਾਂ ਅਤੇ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ ਦੀ ਅਗਵਾਈ ਹੇਠ ਅੱਜ ਭਵਾਨੀਗੜ੍ਹ ਦੇ ਬਲਾਕ ਖੇਤੀਬਾੜੀ ਅਫਸਰ ਅਤੇ ਏਡੀਓ ਵੱਲੋਂ ਅਚਨਚੇਤ ਵੱਖ-ਵੱਖ ਖਾਦ ਡੀਲਰਾਂ ਦੀ ਚੈਕਿੰਗ ਕੀਤੀ ਗਈ।



ਜ਼ਿਲ੍ਹੇ ਦੇ ਕਿਸਾਨਾਂ ਨੂੰ ਡੀ.ਏ.ਪੀ ਖਾਦ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਜ਼ਿਲਾ ਸੰਗਰੂਰ ਦੀਆਂ ਸਮੂਹ ਸਬ ਡਵੀਜ਼ਨਾਂ ਵਿੱਚ ਚੌਕਸੀ ਟੀਮਾਂ ਕਾਰਜਸ਼ੀਲ ਹਨ ਅਤੇ ਖੇਤੀਬਾੜੀ ਵਿਭਾਗ ਵੱਲੋਂ ਖਾਦ ਡੀਲਰਾਂ ਨੂੰ ਇਸ ਬਾਰੇ ਲਗਾਤਾਰ ਸੁਚੇਤ ਕੀਤਾ ਜਾ ਰਿਹਾ ਹੈ ਕਿ ਉਹ ਡੀਏਪੀ ਖਾਦ ਦੀ ਕਾਲਾਬਜ਼ਾਰੀ ਬਿਲਕੁਲ ਵੀ ਨਾ ਕਰਨ ਅਤੇ ਜੇਕਰ ਕੋਈ ਡੀਲਰ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਨਹੀਂ ਕਰੇਗਾ ਤਾਂ ਉਸ ਖਿਲਾਫ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਬਲਾਕ ਖੇਤੀਬਾੜੀ ਅਫਸਰ ਮਨਦੀਪ ਸਿੰਘ ਅਤੇ ਖੇਤੀਬਾੜੀ ਵਿਕਾਸ ਅਫਸਰ ਅਨਮੋਲਦੀਪ ਸਿੰਘ ਦੀ ਅਗਵਾਈ ਹੇਠਲੀ ਟੀਮ ਨੇ ਭਵਾਨੀਗੜ੍ਹ ਵਿੱਚ ਵੱਖ ਵੱਖ ਖਾਦ ਡੀਲਰਾਂ ਦੀ ਜਾਂਚ ਪੜਤਾਲ ਕੀਤੀ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਬਾਰੇ ਜਾਣੂ ਕਰਵਾਇਆ।

ਇਸ ਸਬੰਧੀ ਮੁੱਖ ਖੇਤੀਬਾੜੀ ਅਫ਼ਸਰ ਸੰਗਰੂਰ ਡਾ. ਹਰਬੰਸ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਖਾਦ ਵਿਕਰੇਤਾ ਨਿਰਧਾਰਿਤ ਕੀਮਤ ਤੋਂ ਜ਼ਿਆਦਾ ਕੀਮਤ ਉਤੇ ਡੀ.ਏ.ਪੀ ਖਾਦ ਦਿੰਦਾ ਪਾਇਆ ਜਾਂਦਾ ਹੈ ਅਤੇ ਜਾਂ ਫਿਰ ਡੀ.ਏ.ਪੀ ਖਾਦ ਨਾਲ ਹੋਰ ਕੋਈ ਵਸਤੂ ਖ਼ਰੀਦਣ ਲਈ ਜ਼ੋਰ ਦਿੰਦਾ ਹੈ ਤਾਂ ਉਸ ਖਿਲਾਫ ਖਾਦ ਕੰਟਰੋਲ ਆਰਡਰ 1985 ਅਧੀਨ ਕਾਰਵਾਈ ਕੀਤੀ ਜਾਵੇਗੀ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਐਂਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements in 2022-2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
/stsoldiergroup www.stsoldiergroup.com
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਯੋਗ ਆਸਣਾਂ ਰਾਹੀਂ ਨਿਰੋਈ ਸਿਹਤ ਦੇ ਨਾਲ-ਨਾਲ ਮਾਨਸਿਕ ਸਿਹਤ ਵੀ ਤੰਦਰੁਸਤ ਰਹਿੰਦੀ ਹੈ- ਅਮਿਤ ਗੁਪਤਾ

ਡੇਰਾਬੱਸੀ , (ਲੋਕ ਬਾਣੀ)
ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪੰਜਾਬ ਦੇ ਹਰ ਵਰਗ ਦੇ ਲੋਕਾਂ ਦੀ ਸਿਹਤ ਨੂੰ ਰੋਗ-ਮੁਕਤ ਕਰਨ ਦੇ ਮੰਤਵ ਨਾਲ ਸ਼ੁਰੂ ਕੀਤੀ ਗਈ ਸੀ ਐਮ ਦੀ ਯੋਗਸ਼ਾਲਾ ਡੇਰਾਬੱਸੀ ਇਲਾਕੇ ਦੇ ਲੋਕਾਂ ਲਈ ਵੀ ਬੜੀ ਲਾਭਕਾਰੀ ਸਿੱਧ ਹੋ ਰਹੀ ਹੈ।

ਐੱਸ ਡੀ ਐਮ ਅਮਿਤ ਗੁਪਤਾ ਅਨੁਸਾਰ ਡੇਰਾਬੱਸੀ 'ਚ ਮਾਹਿਰ ਯੋਗਾ ਟ੍ਰੇਨਰ ਰਾਹੀ ਰੈਨਾ ਵੱਲੋਂ 6 ਥਾਂਵਾਂ 'ਤੇ ਯੋਗਾ ਕਲਾਸਾਂ ਲਾਈਆਂ ਜਾ ਰਹੀਆਂ ਹਨ, ਜਿਨ੍ਹਾਂ 'ਚ ਉਨ੍ਹਾਂ ਵੱਲੋਂ ਪ੍ਰਾਚੀਨ ਹਨੂੰਮਾਨ ਮੰਦਿਰ, ਡੇਰਾਬਸੀ ਵਿਖੇ ਪਹਿਲੀ ਕਲਾਸ ਸਵੇਰੇ 5:00 ਤੋਂ 6:00 ਵਜੇ ਤੱਕ ਲਗਾਈ ਜਾਂਦੀ ਹੈ। ਦੂਸਰੀ ਕਲਾਸ ਐਸ.ਬੀ.ਪੀ. ਹਾਊਸਿੰਗ ਪਾਰਕ, ਡੇਰਾਬਸੀ ਵਿਖੇ ਸੇਵੇਰੇ 6:10 ਤੋਂ 7:10 ਵਜੇ ਤੱਕ ਹੁੰਦੀ ਹੈ। ਤੀਸਰੀ ਕਲਾਸ ਗੁਲਮੋਹਰ ਸਿਟੀ, ਐਕਸਟੈਸ਼ਨ, ਡੇਰਾਬਸੀ ਵਿਖੇ ਸਵੇਰੇ 7:30 ਤੋਂ 8:30 ਵਜੇ ਤੱਕ ਲਗਾਈ ਜਾਂਦੀ ਹੈ। ਚੌਥੀ ਕਲਾਸ ਰਾਮਦਾਸੀਆ ਮੁਹੱਲਾ, ਮੁਬਾਰਕਪੁਰ, ਡੇਰਾਬਸੀ ਵਿਖੇ ਦਿਨੇ 10:30 ਤੋਂ 11:30 ਵਜੇ ਤੱਕ ਹੁੰਦੀ ਹੈ। ਪੰਜਵੀਂ ਕਲਾਸ ਗੁਪਤਾ ਮੁਹੱਲਾ, ਦੱਪਰ, ਡੇਰਾਬਸੀ ਵਿਖੇ ਬਾਅਦ ਦੁਪਹਿਰ ਨੂੰ 3:30 ਤੋਂ 4:30 ਵਜੇ ਤੱਕ ਅਤੇ ਛੇਵੀਂ ਕਲਾਸ ਵੀ.ਆਈ.ਪੀ. ਇੰਨਕਲੇਵ, ਡੇਰਾਬਸੀ ਵਿਖੇ ਸ਼ਾਮ ਨੂੰ 5:00 ਵਜੇ ਤੋਂ 6:00 ਵਜੇ ਤੱਕ ਲਗਾਈ ਜਾਂਦੀ ਹੈ, ਜਿੱਥੇ ਬਿਨਾਂ ਕੋਈ ਫ਼ੀਸ ਲਿਆਂ ਯੋਗਾ ਦੀ ਸਿਖਲਾਈ ਦਿੱਤੀ ਜਾਂਦੀ ਹੈ।

ਉਨ੍ਹਾਂ ਦੱਸਿਆ ਕਿ ਯੋਗਾ ਕਲਾਸਾਂ ਦਾ ਮੰਤਵ ਲੋਕਾਂ ਨੂੰ ਆਪਣੀ ਜੀਵਨ ਸ਼ੈਲੀ 'ਚ ਥੋੜ੍ਹੀ ਤਬਦੀਲੀ ਲਿਆ ਕੇ ਅਭਿਆਸ ਅਤੇ ਮੈਡੀਟੇਸ਼ਨ ਰਾਹੀਂ ਆਪਣੀਆਂ ਸਰੀਰਕ ਮੁਸ਼ਕਿਲਾਂ ਨੂੰ ਹੱਲ ਕਰਨ ਦੇ ਯੋਗ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਯੋਗਾ ਜਿੱਥੇ ਸਰੀਰਕ ਸਮੱਸਿਆਵਾਂ ਦਾ ਨਿਵਾਰਣ ਕਰਦਾ ਹੈ ਉੱਥੇ ਸਾਧਨਾ (ਮੈਡੀਟੇਸ਼ਨ) ਮਾਨਸਿਕ ਸ਼ਾਂਤੀ ਦਿੰਦੀ ਹੈ।

ਟ੍ਰੇਨਰ ਰਾਹੀ ਰੈਨਾ ਨੇ ਦੱਸਿਆ ਕਿ ਉਨ੍ਹਾਂ ਕੋਲ ਯੋਗਾ ਕਰਦੀਆਂ ਕਈ ਮਹਿਲਾਵਾਂ ਯੋਗਾ ਕਲਾਸਾਂ ਨਾਲ ਆਪਣੀਆਂ ਬਹੁਤ ਸਾਰੀਆਂ ਅਜਿਹੀਆਂ ਸਰੀਰਕ ਬਿਮਾਰੀਆਂ ਤੋਂ ਨਿਜਾਤ ਪਾ ਚੁੱਕੀਆਂ ਹਨ, ਜਿਨ੍ਹਾਂ ਲਈ ਉਨ੍ਹਾਂ ਨੂੰ ਪਹਿਲਾਂ ਦਵਾਈਆਂ ਦਾ ਰੋਜ਼ਾਨਾ ਸੇਵਨ ਕਰਨਾ ਪੈਂਦਾ ਸੀ। ਉਸ ਨੇ ਦੱਸਿਆ ਕਿ ਸੁਮਨ ਜਿੰਨ੍ਹਾ ਦਾ ਮੋਢਾ ਪਿਛਲੇ ਲੰਮੇ ਸਮੇਂ ਤੋਂ ਜਾਮ (ਫ੍ਰੀਜ਼) ਹੋਣ ਕਾਰਨ ਪੂਰੀ ਤਰ੍ਹਾਂ ਕੰਮ ਨਹੀਂ ਸੀ ਕਰ ਰਿਹਾ, ਯੋਗਾ ਕਿਰਿਆਵਾਂ ਰਾਹੀਂ ਠੀਕ ਹੋ ਗਿਆ ਹੈ। ਦਰਸ਼ਨਾ ਦੇਵੀ ਜੋ ਕਿ ਪਿਛਲੇ 20 ਸਾਲਾਂ ਤੋਂ ਹਾਈ ਬਲੱਡ ਪ੍ਰੈਸ਼ਰ ਦੀ ਗੋਲੀ ਖਾ ਰਹੇ ਸਨ, ਦੀ ਨਿਰੰਤਰ ਯੋਗ ਕਰਨ ਨਾਲ ਗੋਲੀ ਬੰਦ ਹੋ ਚੁੱਕੀ ਹੈ।ਇਸ ਤੋਂ ਇਲਾਵਾ ਇਕ ਹੋਰ ਭਾਗੀਦਾਰ ਗੀਤਾ ਮਲਹੋਤਰਾ, ਗੋਡਿਆਂ ਦੀ ਦਰਦ ਤੋਂ ਨਿਜਾਤ ਪਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਯੋਗਾ ਕਲਾਸਾਂ ਦਾ



ਕੋਈ ਵੀ ਵਿਅਕਤੀ ਹਿੱਸਾ ਬਣ ਸਕਦਾ ਹੈ।

ਉਨ੍ਹਾਂ ਨੇ ਇਹ ਵੀ ਦੱਸਿਆਂ ਕਿ ਕੇਵਲ ਇੱਕ ਫ਼ੋਨ ਕਾਲ ਦੇ ਜ਼ਰੀਏ ਕਿਸੇ ਵੀ ਨਵੀਂ ਥਾਂ 'ਤੇ 25 ਸਾਧਕਾਂ ਦਾ ਗਰੁੱਪ ਫ਼ੋਨ ਨੰ. 76694-00500 'ਤੇ ਸੰਪਰਕ ਕਰਕੇ ਯੋਗਾ ਟ੍ਰੇਨਰ ਦੀਆਂ ਸੇਵਾਵਾਂ ਲੈ ਸਕਦਾ ਹੈ, ਜਿਸ ਲਈ ਪੰਜਾਬ ਸਰਕਾਰ ਵੱਲੋਂ ਕੋਈ ਫ਼ੀਸ ਨਹੀਂ ਲਈ ਜਾਂਦੀ। ਇਸ ਤੋਂ ਇਲਾਵਾ cmdiyogshala.punjab.gov.in ਤੇ ਜਾ ਕੇ ਵੀ ਜਾਣਕਾਰੀ ਲਈ ਜਾ ਸਕਦੀ ਹੈ।

## ਧੰਨਾ ਸਿੰਘ ਪਨੇਸਰ ਗੁਰੂਦੁਆਰਾ ਰਾਮਗੜੀਆ ਸਭਾ ਦੇ ਪ੍ਰਧਾਨ ਬਣੇ

ਧੂਰੀ (ਲੋਕ ਬਾਣੀ) ਗੁਰੂਦੁਆਰਾ ਰਾਮਗੜੀਆ ਸਭਾ ਧੂਰੀ ਦੀ ਚੋਣ ਹਰਦੀਪ ਸਿੰਘ ਨੰਨੜੇ , ਤੇਜਿੰਦਰ ਸਿੰਘ ਨੰਨੜੇ, ਜਸਵੀਰ ਸਿੰਘ ਜਗਦਿਉ ,ਆਸਾ ਸਿੰਘ ਅਤੇ ਮਲਕੀਤ ਸਿੰਘ ਦੀ ਅਗਵਾਈ ਹੇਠ ਕੀਤੀ ਗਈ । ਇਸ ਮੌਕੇ ਧੰਨਾ ਸਿੰਘ ਪਨੇਸਰ ਨੂੰ ਗੁਰੂਦੁਆਰਾ ਰਾਮਗੜੀਆ ਸਭਾ ਦਾ ਪ੍ਰਧਾਨ , ਮਹਿੰਦਰ ਸਿੰਘ (ਛਾਪੇ ਵਾਲੇ) ਚੇਅਰਮੈਨ , ਕੁਲਵਿੰਦਰ ਸਿੰਘ ਪੱਪੂ ਮੀਤ ਪ੍ਰਧਾਨ ,ਆਸਾ ਸਿੰਘ ਸੈਕਟਰੀ , ਸੌਦਾਗਰ ਸਿੰਘ ਸਹਾਇਕ ਸੈਕਟਰੀ , ਹਰਜੀਤ ਸਿੰਘ ਬਿਰਦੀ ਖਜਾਨਚੀ,ਸ਼ਿਆਮ ਸਿੰਘ ਮੈਬਰ ,ਕੁਲਦੀਪ ਸਿੰਘ ਮੈਬਰ , ਇਕਬਾਲ ਸਿੰਘ ਪਾਲਾ ਮੈਬਰ, ਰਵਿੰਦਰ ਸਿੰਘ ਪੱਪੂ ਮੈਬਰ , ਜਸਵੀਰ ਸਿੰਘ ਪੱਪੀ ਮੈਬਰ , ਬਲਵੀਰ ਸਿੰਘ ਬਾਂਸਲ ਮੈਬਰ, ਦਵਿੰਦਰ ਸਿੰਘ (ਬਿੰਨੂ) ਮੈਬਰ , ਉਦੈ ਸਿੰਘ



ਨੂੰ ਮੈਬਰ ਚੁਣਿਆਂ ਗਿਆ । ਇਸ ਮੌਕੇ ਜਗਜੀਤ ਸਿੰਘ ਬਿਰਦੀ , ਦਰਸ਼ਨ ਸਿੰਘ ਲੋਟੇ , ਜਗਤਾਰ ਸਿੰਘ ਬਿਰਦੀ ਅਤੇ ਪਰਮਿੰਦਰ ਸਿੰਘ (ਸੋਨੀ ਬਿਰਦੀ) ਸਮੇਤ ਹੋਰ ਵੀ ਹਾਜਰ ਸਨ ।

## ਜ਼ਿਲ੍ਹੇ ਦੀਆਂ ਮੰਡੀਆਂ ਚੋਂ 155910 ਮੀਟ੍ਰਿਕ ਟਨ ਫ਼ਸਲ ਦੀ ਹੋਈ ਲਿਫਟਿੰਗ: ਡਿਪਟੀ ਕਮਿਸ਼ਨਰ

ਬਰਨਾਲਾ, (ਲੋਕ ਬਾਣੀ) ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਆਈ ਏ ਐੱਸ ਨੇ ਦੱਸਿਆ ਕਿ ਕੱਲ੍ਹ 3 ਨਵੰਬਰ ਸ਼ਾਮ ਤੱਕ ਜ਼ਿਲ੍ਹੇ ਦੀਆਂ ਵੱਖ ਵੱਖ ਮੰਡੀਆਂ ਵਿੱਚ ਕੁੱਲ 293102 ਮੀਟ੍ਰਿਕ ਟਨ ਜਿਣਸ ਦੀ ਆਮਦ ਹੋਈ, ਜਦੋਂਕਿ ਕੱਲ੍ਹ ਵਾਲੇ ਦਿਨ 40460 ਟਨ ਫ਼ਸਲ ਮੰਡੀਆਂ ਵਿੱਚ ਆਈ। ਇਸ ਵਿਚੋਂ ਕੱਲ੍ਹ 34403 ਮੀਟ੍ਰਿਕ ਟਨ, ਜਦੋਂਕਿ ਹੁਣ ਤਕ ਕੁੱਲ 243080 ਮੀਟ੍ਰਿਕ ਟਨ ਫ਼ਸਲ ਖ਼ਰੀਦੀ ਗਈ ਹੈ।



ਉਨ੍ਹਾਂ ਦੱਸਿਆ ਕਿ ਹੁਣ ਤੱਕ ਮਾਰਕਫੈੱਡ ਵਲੋਂ 66707 ਮੀਟ੍ਰਿਕ ਟਨ, ਪਨਗ੍ਰੇਨ ਵਲੋਂ 96893 ਮੀਟ੍ਰਿਕ ਟਨ, ਪਨਸਪ ਵਲੋਂ 52789 ਮੀਟ੍ਰਿਕ ਟਨ ਤੇ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 26691 ਮੀਟ੍ਰਿਕ ਟਨ ਫ਼ਸਲ ਦੀ ਖਰੀਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਹੁਣ ਤੱਕ 155910 ਮੀਟ੍ਰਿਕ ਟਨ ਫ਼ਸਲ ਦੀ ਲਿਫਟਿੰਗ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਹੁਣ ਤਕ 457 ਕਰੋੜ ਦੀ ਰਾਸ਼ੀ ਕਿਸਾਨਾਂ ਨੂੰ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਪੱਧਰ ਤੇ ਮੰਡੀਆਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਅਤੇ ਲਿਫਟਿੰਗ ਨਾਲੋ - ਨਾਲ ਜਾਰੀ ਹੈ।

ਜ਼ਿਕਰਯੋਗ ਹੈ ਕਿ ਜ਼ਿਲ੍ਹਾ ਬਰਨਾਲਾ ਵਿੱਚ 95 ਪੱਕੀਆਂ ਮੰਡੀਆਂ ਅਤੇ 55 ਆਰਜ਼ੀ ਖਰੀਦ ਕੇਂਦਰ ਹਨ, ਜਿੱਥੇ ਝੋਨੇ ਦੀ ਖਰੀਦ ਨਿਰਵਿਘਨ ਜਾਰੀ ਹੈ।